SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 174 | Monday, September 18, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

# ਸੱਭ ਕੁੱਝ ਲੁਟਾ ਕੇ ਹੋਸ਼ ਮੇਂ ਆਏ ਤੋ...

ਓਟਵਾ, 17 ਸਤੰਬਰ (ਪੋਸਟ ਬਿਊਰੋ) : ਸੋਮਵਾਰ ਤੋਂ ਮੈਂਬਰ ਆਫ ਪਾਰਲੀਆਮੈਂਟ ਹਾਊਸ ਆਫ ਕਾਮਨਜ਼ ਵਿੱਚ ਪਰਤ ਆਉਣਗੇ। ਮਹਿੰਗਾਈ ਤੇ ਹਾਊਸਿੰਗ ਦੀਆਂ ਕੀਮਤਾਂ ਵਿੱਚ ਭਾਰੀ ਵਾਧਾ ਹੋਣ ਕਾਰਨ ਲਿਬਰਲਾਂ ਦੀ ਡਿੱਗੀ ਸਾਖ਼ ਦੇ ਮੱਦੇਨਜ਼ਰ ਫੈਡਰਲ ਸਰਕਾਰ ਹੁਣ ਇਸ ਪਾਸੇ ਉਚੇਚਾ ਧਿਆਨ ਦੇ ਰਹੀ ਹੈ ਤੇ ਸਰਕਾਰ ਵੱਲੋਂ ਨਵੀਆਂ ਪੇਸ਼ਕਦਮੀਆਂ ਕੀਤੀਆਂ ਜਾਣੀਆਂ ਸ਼ੁਰੂ ਕੀਤੀਆਂ ਗਈਆਂ ਹਨ।



ਇਸ ਸਮੇਂ ਲੋਕਾਂ ਵਿੱਚ ਮਕਬੂਲੀਅਤ ਹਾਸਲ ਕਰ ਰਹੇ ਕੰਜ਼ਰਵੇਟਿਵਾਂ ਵੱਲੋਂ ਵੀ ਪੂਰੀ ਟੌਹਰ ਨਾਲ ਪਾਰਲੀਆਮੈਂਟ ਵਿੱਚ ਕਦਮ ਰੱਖਿਆ ਜਾਵੇਗਾ ਜਦਕਿ ਅੱਠ ਸਾਲਾਂ ਦੇ ਆਪਣੇ ਕਾਰਜਕਾਲ ਵਿੱਚ ਲਿਬਰਲਾਂ ਦਾ ਐਨਾ ਮਾੜਾ ਹਾਲ ਪਹਿਲਾਂ ਕਦੇ ਨਹੀਂ ਹੋਇਆ। ਸਰਕਾਰ ਹੁਣ ਡੁੱਲ੍ਹੇ ਹੋਏ ਬੇਰਾਂ ਨੂੰ ਇੱਕਠਾ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਇਸ ਦੌਰਾਨ ਸ਼ਨਿੱਚਰਵਾਰ ਨੂੰ ਡਿਪਟੀ ਪ੍ਰਧਾਨ ਮੰਤਰੀ ਕ੍ਰਿਸਟੀਆ ਫਰੀਲੈਂਡ ਨੇ ਵੀ ਇਹ ਸਵੀਕਾਰ ਕੀਤਾ ਕਿ ਇਸ ਸਮੇਂ ਸਰਕਾਰ ਪੂਰੇ ਦਬਾਅ ਵਿੱਚ ਹੈ।

ਮਾਂਟਰੀਅਲ ਵਿੱਚ ਪ੍ਰੋਗਰੈਸਿਵ ਇੰਟਰਨੈਸ਼ਨਲ ਲੀਡਰਜ਼ ਦੀ ਸਿਖਰ ਵਾਰਤਾ ਵਿੱਚ ਗੱਲ ਕਰਦਿਆਂ ਫਰੀਲੈਂਡ ਨੇ ਆਖਿਆ ਕਿ ਮਹਾਂਮਾਰੀ ਕਾਰਨ ਕੈਨੇਡਾ ਨੂੰ ਪਹੁੰਚੇ ਆਰਥਿਕ ਨੁਕਸਾਨ ਦੀ ਭਰਪਾਈ ਕਰਨਾ ਬਹੁਤ ਜ਼ਰੂਰੀ ਹੈ ਪਰ ਇਸ ਲਈ ਕੀਤੀਆਂ ਜਾ ਰਹੀਆਂ ਸਾਡੀਆਂ ਕੋਸ਼ਿਸ਼ਾਂ ਉਦੋਂ ਤੱਕ ਬੇਮਾਇਨੇ ਹਨ ਜਦੋਂ ਤੱਕ ਅਸੀਂ ਮਹਿੰਗਾਈ ਦੇ ਇਸ ਦੌਰ ਵਿੱਚ ਕੈਨੇਡੀਅਨ ਪਰਿਵਾਰਾਂ ਨੂੰ ਖਾਣਾ ਤੱਕ ਮੁਹੱਈਆ ਕਰਵਾਉਣ ਵਿੱਚ ਅਸਮਰੱਥ ਹਾਂ।

ਤਾਜ਼ਾ ਸਰਵੇਖਣਾਂ ਵਿੱਚ ਮੂੰਹ ਦੀ ਖਾਣ ਤੋਂ ਬਾਅਦ ਹੁਣ ਲਿਬਰਲਾਂ ਨੂੰ ਫੂਡ ਦੀਆਂ ਕੀਮਤਾਂ ਘਟਾਉਣ ਦੀ ਯਾਦ ਆਈ ਹੈ। ਹੁਣ ਜਦੋਂ ਸੋਮਵਾਰ ਨੂੰ ਪਾਰਲੀਆਮੈਂਟ ਦੀ ਕਾਰਵਾਈ ਸ਼ੁਰੂ ਹੋਣ ਜਾ ਰਹੀ ਹੈ ਤਾਂ ਅਜਿਹੇ ਵਿੱਚ ਇੰਡਸਟਰੀ ਮੰਤਰੀ ਫਰੈਂਕੋਇਸ ਫਿਲਿਪ ਸ਼ੈਂਪੇਨ ਨੇ ਕੈਨੇਡਾ ਦੀਆਂ ਸੱਭ ਤੋਂ ਵੱਡੀਆਂ ਗ੍ਰੌਸਰੀ ਚੇਨਜ਼ ਦੇ ਸੀਈਓਜ਼ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਥੈਂਕਸਗਿਵਿੰਗ ਤੱਕ ਫੂਡ ਦੀਆਂ ਕੀਮਤਾਂ ਘਟਾਉਣ ਲਈ ਆਖਿਆ ਜਾਵੇਗਾ। ਪਿਛਲੇ ਹਫਤੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਵੀ ਇਹ ਗੱਲ ਜ਼ੋਰ ਦੇ ਕੇ ਆਖੀ ਸੀ ਕਿ ਜੇ ਵੱਡੇ ਰੀਟੇਲਰਜ਼ ਨੇ ਫੂਡ ਦੀਆਂ ਕੀਮਤਾਂ ਵਿੱਚ ਕਮੀ ਨਾ ਲਿਆਂਦੀ ਤਾਂ ਸਰਕਾਰ ਆਪਣੇ ਪੱਧਰ ਉੱਤੇ ਕਦਮ ਚੁੱਕਣ ਲਈ ਮਜਬੂਰ ਹੋਵੇਗੀ।

# ਨਸ਼ੇ ਦੀ ਲੋਰ ਵਿੱਚ ਡਰਾਈਵਰ ਨੇ ਹਾਦਸੇਵਾਲੀ ਥਾਂ ਉੱਤੇ ਗੱਡੀ ਚੜ੍ਹਾਈ, ਚਾਰ ਜ਼ਖ਼ਮੀ

ਓਨਟਾਰੀਓ, 17 ਸਤੰਬਰ (ਪੋਸਟ ਬਿਊਰੋ) : ਜੀਟੀਏ ਦੇ ਹਾਈਵੇਅ ਉੱਤੇ ਕਾਰ ਹਾਦਸੇ ਦੀ ਜਾਂਚ ਕਰ ਰਹੇ ਰੋਡ ਕ੍ਰਿਊ ਵਿੱਚ ਲਿਆ ਕੇ ਗੱਡੀ ਮਾਰਨ ਵਾਲੇ ਨਸ਼ੇ ਵਿੱਚ ਧੁੱਤ ਵਿਅਕਤੀ ਦੇ ਮਾਮਲੇ ਦੀ ਪੁਲਿਸ ਜਾਂਚ ਕਰ ਰਹੀ ਹੈ। ਇਸ ਘਟਨਾ ਵਿੱਚ ਚਾਰ ਵਿਅਕਤੀ ਜ਼ਖ਼ਮੀ ਹੋ ਗਏ।



ਓਨਟਾਰੀਓ ਪ੍ਰੋਵਿੰਸ਼ੀਅਲ ਪੁਲਿਸ (ਓਪੀਪੀ) ਵੱਲੋਂ ਐਤਵਾਰ ਨੂੰ ਸੋਸ਼ਲ ਮੀਡੀਆ ਉੱਤੇ ਕੀਤੀ ਗਈ ਪੋਸਟ ਵਿੱਚ ਦੱਸਿਆ ਗਿਆ ਕਿ ਮਿਸੀਸਾਗਾ ਵਿੱਚ ਵਿੰਸਟਨ ਚਰਚਿਲ ਬੁਲੇਵਾਰਡ ਨੇੜੇ ਕਿਊਈਡਬਲਿਊ ਉੱਤੇ ਹੋਏ ਹਾਦਸੇ ਦੀ ਪੁਲਿਸ ਅਧਿਕਾਰੀਆਂ ਵੱਲੋਂ ਜਾਂਚ ਕੀਤੀ ਜਾ ਰਹੀ ਸੀ। ਇਸ ਦੌਰਾਨ ਇੱਕ ਹੋਰ ਕਾਰ ਆ ਕੇ ਉਸ ਟਰੱਕ ਨਾਲ ਟਕਰਾਅ ਗਈ ਜਿਹੜਾ ਸੀਨ ਦੀ ਹਿਫਾਜ਼ਤ ਲਈ ਚੱਲਦੇ ਟਰੈਫਿਕ ਦੀ ਲਾਈਨ ਵਿੱਚ ਖੜ੍ਹਾ ਸੀ।

ਹਾਦਸੇ ਵਾਲੀ ਥਾਂ ਦੀਆਂ ਤਸਵੀਰਾਂ ਤੋਂ ਸਾਹਮਣੇ ਆਇਆ ਹੈ ਕਿ ਇੱਕ ਕਾਲੇ ਰੰਗ ਦੀ ਸੇਡਾਨ ਦਾ ਸਾਹਮਣੇ ਵਾਲਾ ਹਿੱਸਾ ਬੁਰੀ ਤਰ੍ਹਾਂ ਟੁੱਟਿਆ ਭੱਜਿਆ ਪਿਆ ਹੈ ਜਦਕਿ ਇੱਕ ਟਰੱਕ ਨੂੰ ਵੀ ਕਾਫੀ ਨੁਕਸਾਨ ਪਹੁੰਚਿਆ ਹੈ। ਹੋਰਨਾਂ ਤਸਵੀਰਾਂ ਵਿੱਚ ਕਾਰ ਅੰਦਰ ਦਾਰੂ ਦੀਆਂ ਬੋਤਲਾਂ ਖਿੱਲਰੀਆਂ ਵੀ ਨਜ਼ਰ ਆ ਰਹੀਆਂ ਹਨ। ਇੱਕ ਬੋਤਲ ਡਰਾਈਵਰ ਦੀ ਸੀਟ ਥੱਲੇ ਤੇ ਦੂਜੀ ਪੈਸੈਂਜਰ ਸੀਟ ਥੱਲੇ ਪਈ ਨਜ਼ਰ ਆ ਰਹੀ ਹੈ। ਓਪੀਪੀ ਵੱਲੋਂ ਪਾਈ ਗਈ ਪੋਸਟ ਅਨੁਸਾਰ ਚਾਰ ਵਿਅਕਤੀਆਂ ਨੂੰ ਹਸਪਤਾਲ ਲਿਜਾਇਆ ਗਿਆ, ਜਿਨ੍ਹਾਂ ਵਿੱਚ ਟਰਾਂਸਪੋਰਟੇਸ਼ਨ ਮੰਤਰਾਲੇ ਦੇ ਵਰਕਰ ਵੀ ਸ਼ਾਮਲ ਸਨ। ਕਾਰ ਦੇ ਡਰਾਈਵਰ ਨੂੰ ਨਸ਼ਾ ਕਰਕੇ ਗੱਡੀ ਚਲਾਉਣ ਲਈ ਚਾਰਜ ਕੀਤਾ ਗਿਆ ਹੈ।

# ਛੁਰੇਬਾਜ਼ੀ ਵਿੱਚ ਚਾਰ ਜ਼ਖ਼ਮੀ

ਟੋਰਾਂਟੋ, 17 ਸਤੰਬਰ (ਪੋਸਟ ਬਿਊਰੋ) : ਐਤਵਾਰ ਸਵੇਰੇ ਟੋਰਾਂਟੋ ਦੇ ਐਂਟਰਟੇਨਮੈਂਟ ਡਿਸਟ੍ਰਿਕਟ ਵਿੱਚ ਛੁਰੇਬਾਜ਼ੀ ਦੀ ਵਾਪਰੀ ਘਟਨਾ ਤੋਂ ਬਾਅਦ ਚਾਰ ਵਿਅਕਤੀਆਂ ਨੂੰ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ।

ਤੜਕੇ 3:09 ਦੇ ਨੇੜੇ ਤੇੜੇ ਪੁਲਿਸ ਨੂੰ ਐਡੀਲੇਡ ਤੇ ਸਿਮਕੋਅ ਸਟਰੀਟ ਨੇੜੇ ਛੁਰੇਬਾਜ਼ੀ ਦੀਆਂ ਰਿਪੋਰਟਾਂ ਮਿਲੀਆਂ। ਪੁਲਿਸ ਨੂੰ ਮੌਕੇ ਉੱਤੇ ਚਾਰ ਵਿਅਕਤੀ ਜ਼ਖ਼ਮੀ ਹਾਲਤ ਵਿੱਚ ਮਿਲੇ। ਪੈਰਾਮੈਡਿਕਸ ਵੱਲੋਂ ਦੋ ਵਿਅਕਤੀਆਂ ਨੂੰ ਚਾਕੂ ਦੇ ਵਾਰ ਕਾਰਨ ਗੰਭੀਰ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ, ਜਿਨ੍ਹਾਂ ਦੀ ਹਾਲਤ ਗੰਭੀਰ ਪਰ ਸਥਿਰ ਦੱਸੀ ਜਾਂਦੀ ਹੈ।

ਦੋ ਹੋਰ ਵਿਅਕਤੀਆਂ ਉੱਤੇ ਚਾਕੂ ਨਾਲ ਵਾਰ ਕੀਤਾ ਗਿਆ ਸੀ, ਉਨ੍ਹਾਂ ਨੂੰ ਵੀ ਹਸਪਤਾਲ ਲਿਜਾਇਆ ਗਿਆ ਪਰ ਉਨ੍ਹਾਂ ਨੂੰ ਮਾਮੂਲੀ ਸੱਟਾਂ ਹੀ ਲੱਗੀਆਂ। ਅਜੇ ਤੱਕ ਮਸ਼ਕੂਕ ਸਬੰਧੀ ਵੇਰਵੇ ਜਾਰੀ ਨਹੀਂ ਕੀਤੇ ਗਏ ਹਨ।

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

MagGas Medical Brampton
MGM
MAGGAS MEDICAL INC.
Helping you breathe deep and rest easy.
- CPAP machines, masks and supplies
- Free consultations
- 30 day mask exchange
- Free deliveries
(647) 954-9885
20 Maritime Ont Blvd Unit 15
Brampton, ON L6S 0C2

INSURANCE
- Home
- Auto
- Business
- Trucking
- Life Insurance
- Commercial
647-206-2452
Sukhwinder K Singh
CONNEX
7050A Bramalea Rd, Unit # 13, Mississauga, ON L5S 1T1

OURR HOME & APPLIANCES
UNBEATABLE DEALS FOR THE WEEK
AT OURR HOME APPLIANCES!
REGULAR PACKAGE $3599
SWITCH TO ELECTRIC STOVE
IN $0
JENNAIR CAFÉ KitchenAid Electrolux LG FRIGIDAIRE elica BOSCH Whirlpool GE MAYTAG AMANA SAMSUNG Hisense Danby
Unit #1, 241 Clarence Street, Brampton, ON, L6W 3E7, (416) 551-3343
44 Fasken Dr, Unit#2-9, Etobicoke, ON, M9W 5M8, (416) 792-0877
5781 Highway 7 Unit 10, Vaughan, ON, L4L 1T8, (416) 477-5556
1050 Speers Road, Oakville, ON, L6L 2X4, (416) 613-0555
Unit #6 - 410 Lewis Road, Stoney Creek, ON, L8E 5Y7, (905) 643-0818
Unit #4 -1540 Fanshawe Park Road West, London, ON, N6H 5L8, (519) 641-1010
416-551-5553 | www.ourrhomeappliances.com

Allstate. You're in good hands.
+ Insurance
Trademark used under licence by Allstate Insurance Company. 232374 | 6-23
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca

SUPER VISA INSURANCE EXPERTS
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6
Brampton, ON, L6P 3W4
Open Saturday
Providing excellent quality legal services to our clients

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat
Axel InsuranceBrokers Ltd.
1332 Khalsa Dr, Unit # 11, Mississauga, ON L5S 0A2

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਣਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available 1888 864 3131
Jasbir Singh Hundal Qualified Credit Counsellor
www.MakeMeDebtFree.ca 416-502-3100 Unit #20 - 7015 Tranmere Drive Mississauga, ON L5S 1T7

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
- Immigration
- Real Estate
- Family Law
- Business Closing
- Corporate
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜ਼ਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ।
1200 Derry Road E, #15, Mississauga, ON L5T 0B3
Shinder Kelley
905-362-0755

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
AvonFinancial Inc. Brokerage Lic. 12538
Cell: 416-841-4218 Tel: 905-216-5563
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

ਨਵਾਂ ਘਾਹ ਲਵਾਉ
647-784-1213
www.aaalandscaping.ca
1 ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2 ਏਰੀਆ ਨੂੰ ਲੈਵਲ ਕਰਨਾ ਅਤੇ ਮਿੱਟੀ ਰਲਾਉਣੀ
3 ਨਵਾਂ ਘਾਹ ਲਵਾਉ
4 ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਭਾਰਤ ਨੇ ਏਸ਼ੀਆ ਕੱਪ 'ਤੇ ਕੀਤਾ ਕਬਜ਼ਾ, ਸ੍ਰੀਲੰਕਾ ਨੂੰ 10 ਵਿਕਟਾਂ ਨਾਲ ਹਰਾਇਆ, ਸਿਰਾਜ ਨੇ ਲਈਆਂ 6 ਵਿਕਟਾਂ

ਕੋਲੰਬੋ, 17 ਸਤੰਬਰ (ਪੋਸਟ ਬਿਊਰੋ): ਭਾਰਤ ਅਤੇ ਸ੍ਰੀਲੰਕਾ ਵਿਚਾਲੇ ਏਸ਼ੀਆ ਕੱਪ 2023 ਦਾ ਫਾਈਨਲ ਮੈਚ ਕੋਲੰਬੋ ਦੇ ਆਰ ਪ੍ਰੇਮਦਾਸਾ ਸਟੇਡੀਅਮ 'ਚ ਖੇਡਿਆ ਗਿਆ। ਸ਼੍ਰੀਲੰਕਾ ਨੇ ਟਾਸ ਜਿੱਤ ਕੇ ਪਹਿਲਾਂ ਬੱਲੇਬਾਜ਼ੀ ਕਰਨ ਦਾ ਫੈਸਲਾ ਕੀਤਾ ਹੈ। ਭਾਰਤੀ ਟੀਮ ਨੂੰ ਖਿਤਾਬ ਜਿੱਤਣ ਲਈ 51 ਦੌੜਾਂ ਦਾ ਆਸਾਨ ਟੀਚਾ ਮਿਲਿਆ ਸੀ। ਟੀਚੇ ਦਾ ਪਿੱਛਾ ਕਰਨ ਉਤਰੀ ਭਾਰਤੀ ਟੀਮ ਨੇ ਬਿਨਾਂ ਵਿਕਟ ਗਵਾਏ 6.1 ਓਵਰਾਂ 'ਚ 51 ਦੌੜਾਂ ਬਣਾਈਆਂ ਅਤੇ 10 ਵਿਕਟਾਂ ਨਾਲ ਮੈਚ ਜਿੱਤ ਲਿਆ। ਇਸ ਦੌਰਾਨ ਭਾਰੀ ਗੇਂਦਬਾਜ਼ ਸਿਰਾਜ ਨੇ 6 ਖਿਡਾਰੀਆਂ ਨੂੰ ਆਊਟ ਕੀਤਾ।





ਸ੍ਰੀਲੰਕਾ ਟੀਮ ਲਈ ਵਿਕਟਕੀਪਰ ਬੱਲੇਬਾਜ਼ ਕੁਸਲ ਮੈਂਡਿਸ ਨੇ ਸਭ ਤੋਂ ਵੱਧ 17 ਦੌੜਾਂ ਬਣਾਈਆਂ। ਜਦਕਿ ਦੁਸ਼ਨ ਹੇਮੰਥਾ ਨੇ 13 ਦੌੜਾਂ ਬਣਾਈਆਂ। ਇਨ੍ਹਾਂ ਤੋਂ ਇਲਾਵਾ ਕੋਈ ਵੀ ਬੱਲੇਬਾਜ਼ ਦੋਹਰੇ ਅੰਕੜੇ ਨੂੰ ਛੂਹ ਨਹੀਂ ਸਕਿਆ। ਜਦਕਿ 5 ਬੱਲੇਬਾਜ਼ ਆਪਣਾ ਖਾਤਾ ਵੀ ਨਹੀਂ ਖੋਲ੍ਹ ਸਕੇ।

ਸ੍ਰੀਲੰਕਾ ਦੀ ਪੂਰੀ ਟੀਮ 50 ਦੌੜਾਂ 'ਤੇ ਢੇਰ ਹੋ ਗਈ। ਭਾਰਤ ਦੇ ਖਿਲਾਫ ਵਨਡੇ 'ਚ ਸ੍ਰੀਲੰਕਾ ਦਾ ਇਹ ਸਭ ਤੋਂ ਘੱਟ ਸਕੋਰ ਹੈ। ਇਸ ਤੋਂ ਪਹਿਲਾਂ ਇਸ ਸਾਲ ਜਨਵਰੀ 'ਚ ਭਾਰਤ ਨੇ ਸ੍ਰੀਲੰਕਾ ਨੂੰ 22 ਓਵਰਾਂ 'ਚ 73 ਦੌੜਾਂ 'ਤੇ ਆਊਟ ਕਰ ਦਿੱਤਾ ਸੀ। ਇੰਨਾ ਹੀ ਨਹੀਂ ਭਾਰਤ ਦੇ ਖਿਲਾਫ ਵਨਡੇ 'ਚ ਕਿਸੇ ਵੀ ਟੀਮ ਦਾ ਇਹ ਸਭ ਤੋਂ ਘੱਟ ਸਕੋਰ ਹੈ। ਇਸ ਤੋਂ ਪਹਿਲਾਂ ਬੰਗਲਾਦੇਸ਼ ਨੇ 2014 'ਚ ਮੀਰਪੁਰ 'ਚ ਭਾਰਤ ਖਿਲਾਫ 58 ਦੌੜਾਂ ਬਣਾਈਆਂ ਸਨ। 50 ਦੌੜਾਂ ਦਾ ਸਕੋਰ ਕਿਸੇ ਵੀ ਵਨਡੇ ਫਾਈਨਲ 'ਚ ਸਭ ਤੋਂ ਘੱਟ ਸਕੋਰ ਹੈ। ਇਸ ਤੋਂ ਪਹਿਲਾਂ ਭਾਰਤੀ ਟੀਮ ਸ਼ਾਰਜਾਹ 'ਚ ਏਸ਼ੀਆ ਕੱਪ 2000 'ਚ ਸ੍ਰੀਲੰਕਾ ਖਿਲਾਫ 54 ਦੌੜਾਂ 'ਤੇ ਆਊਟ ਹੋ ਗਈ ਸੀ। ਅੱਜ ਸ੍ਰੀਲੰਕਾ ਵੱਲੋਂ ਬਣਾਏ ਗਏ 50 ਦੌੜਾਂ ਦਾ ਸਕੋਰ ਵੀ ਏਸ਼ੀਆ ਕੱਪ ਦਾ ਸਭ ਤੋਂ ਘੱਟ ਸਕੋਰ ਹੈ।

## ਅੱਜ ਨਾਮਾ

ਲੱਗਿਆ ਆਉਣ ਨਵਾਜ਼ ਮੁੜ ਪਾਕਿ ਵੰਨੀਂ,
ਸੁੱਟਿਆ ਜੇਲ੍ਹ ਵਿੱਚ ਜਦੋਂ ਇਮਰਾਨ ਬੇਲੀ।
ਹੋਣ ਵਾਲੀਆਂ ਚੋਣਾਂ ਬਈ ਜਲਦ ਸੁਣਿਆ,
ਜਿਸ ਲਈ ਚਾਹੀਦੇ ਆਗੂ ਤੇ ਡਾਨ ਬੇਲੀ।
ਭੁੱਟੋ ਟੱਬਰ ਸ਼ਰੀਫਾਂ ਨਾਲ ਜਾਇ ਮਿਲਿਆ,
ਸਮਝ ਕੇ ਸੱਤਾ ਦਾ ਨਫਾ-ਨੁਕਸਾਨ ਬੇਲੀ।
ਖਾਮੋਸ਼ੀ ਫੌਜੀ ਜਰਨੈਲਾਂ ਨਹੀਂ ਅਜੇ ਤੋੜੀ,
ਸਭ ਦਾ ਓਧਰ ਹੀ ਸਿਰਫ ਧਿਆਨ ਬੇਲੀ।
ਬੰਦਾ ਆਪਣਾ ਸਮਝ ਲਿਆ ਫੌਜ ਜੀਹਨੂੰ,
ਉਹਨੂੰ ਈ ਮਿਲੂਗਾ ਰਾਜ ਤੇ ਤਾਜ ਬੇਲੀ।
ਸੌਦਾ ਸ਼ਰੀਫਾਂ-ਜਰਨੈਲਾਂ ਦਾ ਹੋਊ ਰਾਤੀਂ,
ਕਰਨੀ ਦੋਵਾਂ ਹੀਰਤਾ ਨਹੀਂ ਲਾਜ ਬੇਲੀ।

ਤੀਸ ਮਾਰ ਖਾਂ

# ਛੁਰੇਬਾਜ਼ੀ ਰਾਹੀਂ ਇੱਕ ਵਿਅਕਤੀ ਨੂੰ ਜ਼ਖ਼ਮੀ ਕਰਨ ਵਾਲੇ ਮਸ਼ਕੂਕ ਦੀ ਭਾਲ ਕਰ ਰਹੀ ਹੈ ਪੁਲਿਸ

ਟੋਰਾਂਟੋ, 17 ਸਤੰਬਰ (ਪੋਸਟ ਬਿਊਰੋ) : ਟੋਰਾਂਟੋ ਦੇ ਪੂਰਬੀ ਸਿਰੇ ਉੱਤੇ ਸਬਵੇਅ ਸਟੇਸ਼ਨ ਉੱਤੇ ਇੱਕ ਵਿਅਕਤੀ ਉੱਤੇ ਚਾਕੂ ਨਾਲ ਵਾਰ ਕਰਨ ਵਾਲੇ ਮਸ਼ਕੂਕ ਦੀ ਪੁਲਿਸ ਵੱਲੋਂ ਭਾਲ ਕੀਤੀ ਜਾ ਰਹੀ ਹੈ।

ਐਤਵਾਰ ਨੂੰ ਸ਼ਾਮੀਂ 6:20 ਵਜੇ ਦੇ ਨੇੜੇ ਤੇੜੇ ਪੁਲਿਸ ਅਧਿਕਾਰੀ ਵਿਕਟੋਰੀਆ ਪਾਰਕ ਸਟੇਸ਼ਨ ਪਹੁੰਚੇ। ਪੁਲਿਸ ਨੇ ਦੱਸਿਆ ਕਿ ਇੱਥੇ ਇੱਕ 50 ਸਾਲਾ ਵਿਅਕਤੀ ਨੂੰ ਸਟੇਸ਼ਨ ਦੇ ਬੱਸ ਬੇਅ ਏਰੀਆ ਵਿੱਚ ਧੜ ਉੱਤੇ ਚਾਕੂ ਨਾਲ ਵਾਰ ਕੀਤਾ ਗਿਆ ਸੀ। ਉਸ ਨੂੰ ਗੰਭੀਰ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ।



ਮਸ਼ਕੂਕ ਕਾਰੇ ਨੂੰ ਅੰਜਾਮ ਦੇਣ ਤੋਂ ਬਾਅਦ ਵਿਕਟੋਰੀਆ ਪਾਰਕ ਐਵਨਿਊ ਦੇ ਉੱਤਰ ਵੱਲ ਚਲਾ ਗਿਆ। ਪੁਲਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਉਹ ਬਲੈਕ ਵਿਅਕਤੀ ਸੀ, ਜੋ ਕਿ ਆਪਣੇ 20ਵਿਆਂ ਵਿੱਚ ਸੀ, ਉਸ ਦਾ ਕੱਦ ਪੰਜ ਫੁੱਟ ਅੱਠ ਇੰਚ ਸੀ ਤੇ ਉਸ ਨੇ ਪੀਲੇ ਰੰਗ ਦੇ ਜੁੱਤੇ ਪਾਏ ਹੋਏ ਸਨ। ਇਸ ਸਬੰਧ ਵਿੱਚ ਹੋਰ ਜਾਣਕਾਰੀ ਰੱਖਣ ਵਾਲੇ ਨੂੰ ਪੁਲਿਸ ਨਾਲ ਸੰਪਰਕ ਕਰਨ ਲਈ ਆਖਿਆ ਗਿਆ ਹੈ।






















# ਭਗਤ ਸਿੰਘ ਦੀ ਸਜ਼ਾ 'ਤੇ ਮੁੜ ਸੁਣਵਾਈ ਦੀ ਮੰਗ 'ਤੇ ਲਾਹੌਰ ਹਾਈਕੋਰਟ ਨੇ ਕੀਤਾ ਇਨਕਾਰ



ਲਾਹੌਰ, 17 ਸਤੰਬਰ (ਪੋਸਟ ਬਿਊਰੋ): ਪਾਕਿਸਤਾਨ ਦੀ ਲਾਹੌਰ ਹਾਈ ਕੋਰਟ ਨੇ ਆਜ਼ਾਦੀ ਘੁਲਾਟੀਏ ਭਗਤ ਸਿੰਘ ਨੂੰ 1931 ਵਿੱਚ ਸਜ਼ਾ ਸੁਣਾਏ ਜਾਣ ਦੇ ਕੇਸ ਨੂੰ ਮੁੜ ਖੋਲ੍ਹਣ ਤੋਂ ਇਨਕਾਰ ਕਰ ਦਿੱਤਾ ਹੈ। ਪੀਟੀਆਈ ਮੁਤਾਬਕ ਦਹਾਕਿਆਂ ਪਹਿਲਾਂ ਦਾਇਰ ਪਟੀਸ਼ਨ ਵਿੱਚ ਭਗਤ ਸਿੰਘ ਨੂੰ ਮਰਨ ਉਪਰੰਤ ਰਾਸ਼ਟਰੀ ਪੁਰਸਕਾਰ ਨਾਲ ਸਨਮਾਨਿਤ ਕਰਨ ਦੀ ਵੀ ਮੰਗ ਕੀਤੀ ਗਈ ਸੀ। ਪਾਕਿਸਤਾਨ ਦੀ ਅਦਾਲਤ ਨੇ ਵੀ ਇਸ 'ਤੇ ਇਤਰ-ਾਜ਼ ਪ੍ਰਗਟਾਇਆ ਹੈ।

ਦਰਅਸਲ, 1931 ਵਿਚ ਭਗਤ ਸਿੰਘ 'ਤੇ ਬ੍ਰਿਟਿਸ਼ ਸ਼ਾਸਨ ਵਿਰੁੱਧ ਸਾਜਿਸ਼ ਰਚਨ ਦੇ ਦੋਸ਼ ਵਿਚ ਮੁਕੱਦਮਾ ਚਲਾਇਆ ਗਿਆ ਸੀ। ਇਸ ਤੋਂ ਬਾਅਦ 23 ਮਾਰਚ 1931 ਨੂੰ ਭਗਤ ਸਿੰਘ ਨੂੰ ਉਨ੍ਹਾਂ ਦੇ ਸਾਥੀਆਂ ਰਾਜਗੁਰੂ ਅਤੇ ਸੁਖਦੇਵ ਸਮੇਤ ਫਾਂਸੀ ਦੇ ਦਿੱਤੀ ਗਈ। ਇਸ ਸਜ਼ਾ ਖਿਲਾਫ ਪਾਕਿ-ਸਤਾਨ ਵਿਚ 2013 ਵਿਚ ਪਟੀਸ਼ਨ ਦਾਇਰ ਕੀਤੀ ਗਈ ਸੀ।

ਉਦੋਂ ਜਸਟਿਸ ਸ਼ੁਜਾਤ ਅਲੀ ਖਾਨ ਨੇ ਇਹ ਮਾਮਲਾ ਵੱਡੇ ਬੈਂਚ ਦੇ ਗਠਨ ਲਈ ਚੀਫ਼ ਜਸਟਿਸ ਕੋਲ ਭੇਜਿਆ ਸੀ। ਉਦੋਂ ਤੋਂ ਇਹ ਪਟੀਸ਼ਨ ਪੈਂਡਿੰਗ ਹੈ। 16 ਸਤੰਬਰ ਨੂੰ ਅਦਾਲਤ ਨੇ ਕਿਹਾ ਕਿ ਇਹ ਮਾਮਲਾ ਵੱਡੀ ਬੈਂਚ ਵੱਲੋਂ ਸੁਣੇ ਜਾਣ ਦੇ ਲਾਇਕ ਨਹੀਂ ਹੈ। ਪੀਟੀਆਈ ਮੁਤਾਬਕ ਪਟੀਸ਼ਨਰਾਂ ਦੇ ਪੈਨਲ ਦਾ ਹਿੱਸਾ ਰਹੇ ਇਮਤਿਆਜ਼ ਰਾਸ਼ਿਦ ਕੁਰੈਸ਼ੀ ਨੇ ਕਿਹਾ ਕਿ ਬ੍ਰਿਟਿਸ਼ ਅਧਿਕਾਰੀ ਜੌਹਨ ਸਾਂਡਰਸ ਦੇ ਕਤਲ ਦੀ ਐੱਫਆਈਆਰ ਵਿੱਚ ਭਗਤ ਸਿੰਘ ਦਾ ਨਾਂ ਨਹੀਂ ਸੀ। ਭਗਤ ਸਿੰਘ ਦੇ ਕੇਸ ਦੀ ਸੁਣਵਾਈ ਕਰ ਰਹੇ ਵਿਸ਼ੇਸ਼ ਜੱਜਾਂ ਨੇ ਕੇਸ ਵਿੱਚ 450 ਗਵਾਹਾਂ ਨੂੰ ਸੁਣੇ ਬਿਨ੍ਹਾਂ ਹੀ ਉਸ ਨੂੰ ਮੌਤ ਦੀ ਸਜ਼ਾ ਸੁਣਾ ਦਿੱਤੀ ਸੀ। ਅਜਿਹੇ ਵਿਚ ਉਸ ਦੇ ਕੇਸ ਦੀ ਮੁੜ ਸੁਣਵਾਈ ਹੋਣੀ ਚਾਹੀਦੀ ਹੈ। ਅਦਾਲਤ ਵਿਚ ਦਾਇਰ ਪਟੀਸ਼ਨ ਵਿਚ ਕਿਹਾ ਗਿਆ ਸੀ ਕਿ ਭਗਤ ਸਿੰਘ ਨੇ ਪੂਰੇ ਉਪ ਮਹਾਂਦੀਪ ਦੀ ਆਜ਼ਾਦੀ ਲਈ ਲੜਾਈ ਲੜੀ ਸੀ। ਸਿੱਖ ਹੀ ਨਹੀਂ, ਹਿੰਦੂ ਅਤੇ ਮੁਸਲਮਾਨ ਵੀ ਉਨ੍ਹਾਂ ਦਾ ਸਤਿਕਾਰ ਕਰਦੇ ਹਨ। ਪਾਕਿਸਤਾਨ ਦੇ ਮਹਾਨ ਨੇਤਾ ਮੁਹੰਮਦ ਅਲੀ ਜਿਨਾਹ ਨੇ ਕੇਂਦਰੀ ਅਸੈਂਬਲੀ ਵਿਚ ਆਪਣੇ ਭਾਸ਼ਣ ਦੌਰਾਨ ਦੋ ਵਾਰ ਉਨ੍ਹਾਂ ਨੂੰ ਸ਼ਰਧਾਂਜਲੀ ਦਿੱਤੀ ਸੀ। ਉਹ ਭਗਤ ਸਿੰਘ ਦਾ ਵੀ ਸਤਿਕਾਰ ਕਰਦੇ ਸਨ।

# ਕਾਜ਼ੀ ਫੈਜ਼ ਈਸਾ ਪਾਕਿਸਤਾਨ ਦੇ 29ਵੇਂ ਚੀਫ਼ ਜਸਟਿਸ ਬਣੇ



ਇਸਲਾਮਾਬਾਦ, 17 ਸਤੰਬਰ (ਪੋਸਟ ਬਿਊਰੋ): 63 ਸਾਲਾ ਜਸਟਿਸ ਕਾਜ਼ੀ ਫੈਜ਼ ਈਸਾ ਪਾਕਿਸਤਾਨ ਦੇ 29ਵੇਂ ਚੀਫ਼ ਜਸਟਿਸ ਬਣ ਗਏ ਹਨ। ਰਾਸ਼ਟਰਪਤੀ ਆਰਿਫ ਅਲਵੀ ਨੇ ਐਤਵਾਰ ਨੂੰ ਉਨ੍ਹਾਂ ਨੂੰ ਅਹੁਦੇ ਅਤੇ ਗੋਪਨੀਅਤਾ ਦੀ ਸਹੁੰ ਚੁਕਾਈ। ਇਸ

ਦੌਰਾਨ ਕਾਰਜਕਾਰੀ ਸਰਕਾਰ ਦੇ ਪ੍ਰਧਾਨ ਮੰਤਰੀ ਅਨਵਰ ਉਲ ਹੱਕ ਕੱਕੜ ਅਤੇ ਫੌਜ ਮੁਖੀ ਜਨਰਲ ਅਸੀਮ ਮੁਨੀਰ ਵੀ ਮੌਜੂਦ ਸਨ। ਚੀਫ਼ ਜਸਟਿਸ ਈਸਾ 13 ਮਹੀਨਿਆਂ ਤੱਕ ਅਹੁਦੇ 'ਤੇ ਬਣੇ ਰਹਿਣਗੇ।

ਸਾਬਕਾ ਚੀਫ਼ ਜਸਟਿਸ ਉਮਰ ਅਤਾ ਬੰਦਿਆਲ ਨੇ ਕਦੇ ਵੀ ਈਸਾ ਨੂੰ ਤਰਜੀਹ ਨਹੀਂ ਦਿੱਤੀ। ਉਨ੍ਹਾਂ ਨੂੰ ਕਿਸੇ ਬੈਂਚ ਦਾ ਹਿੱਸਾ ਨਹੀਂ ਬਣਾਇਆ ਗਿਆ। 2019 ਵਿੱਚ, ਜਦੋਂ ਇਮ-ਰਾਨ ਖਾਨ ਪ੍ਰਧਾਨ ਮੰਤਰੀ ਸਨ, ਜਸਟਿਸ ਈਸਾ ਅਤੇ ਉਨ੍ਹਾਂ ਦੀ ਪਤਨੀ ਸਰੀਨਾ ਈਸਾ 'ਤੇ ਭ੍ਰਿਸ਼ਟਾਚਾਰ ਦੇ ਦੋਸ਼ ਲੱਗੇ ਸਨ। ਸਰੀਨਾ ਨੂੰ ਵੀ ਗ੍ਰਿਫਤਾਰ ਕਰ ਲਿਆ ਗਿਆ। ਖਾਨ ਆਪਣੀ ਇੱਛਾ ਅਨੁਸਾਰ ਫੈਸਲੇ ਨਾ ਦੇਣ ਕਾਰਨ ਈਸਾ ਨਾਲ ਨਾਰਾਜ਼ ਸਨ ਅਤੇ ਉਨ੍ਹਾਂ ਨੂੰ ਜੇਲ੍ਹ ਭੇਜਣਾ ਚਾਹੁੰਦੇ ਸਨ, ਪਰ ਉਹ ਅਸਫਲ ਰਹੇ।

ਜਸਟਿਸ ਈਸਾ ਦਾ ਜਨਮ 26 ਅਕਤੂਬਰ 1959 ਨੂੰ ਬਲੋਚਿਸਤਾਨ ਦੀ ਰਾਜਧਾਨੀ ਕਵੇਟਾ ਵਿੱਚ ਹੋਇਆ ਸੀ। ਪਿਤਾ ਮੁਹੰਮਦ ਅਲੀ ਜਿਨਾਹ ਦੇ ਕਰੀਬੀ ਸਨ। ਮਾਤਾ ਇੱਕ ਸਮਾਜ ਸੇਵੀ ਸੀ। ਪੜ੍ਹਾਈ ਤੋਂ ਇਲਾਵਾ ਉਸ ਦਾ ਜ਼ਿਆਦਾਤਰ ਸਮਾਂ ਔਰਤਾਂ ਅਤੇ ਬੱਚਿਆਂ ਨਾਲ ਸਬੰਧਤ ਚੈਰੀਟੇਬਲ ਸੰਸਥਾਵਾਂ ਨਾਲ ਕੰਮ ਕਰਨ ਵਿੱਚ ਬੀਤਿਆ।

ਕਵੇਟਾ ਵਿੱਚ ਮੁੱਢਲੀ ਸਿੱਖਿਆ ਤੋਂ ਬਾਅਦ ਜਸਟਿਸ ਈਸਾ ਕਰਾਚੀ ਆ ਗਏ। ਇਸ ਤੋਂ ਬਾਅਦ ਉਸ ਨੇ ਲੰਡਨ ਦੇ ਲਾਅ ਕਾਲਜ ਤੋਂ ਗ੍ਰੈਜੂਏਸ਼ਨ ਕੀਤੀ। 1985 ਵਿੱਚ, ਉਨ੍ਹਾਂ ਨੇ ਬਲੋਚਿਸਤਾਨ ਹਾਈਕੋਰਟ ਵਿੱਚ ਪ੍ਰੈਕਟਿਸ ਸ਼ੁਰੂ ਕੀਤੀ। ਇਸ ਤੋਂ ਬਾਅਦ ਉਹ ਪਾਕਿਸਤਾਨ ਦੀ ਸੁਪਰੀਮ ਕੋਰਟ ਪਹੁੰਚੇ। 2014 ਵਿੱਚ, ਉਨ੍ਹਾਂ ਨੂੰ ਪਾਕਿਸਤਾਨ ਦੀ ਸੁਪਰੀਮ ਕੋਰਟ ਵਿੱਚ ਜੱਜ ਨਿਯੁਕਤ ਕੀਤਾ ਗਿਆ ਸੀ।

# ਬ੍ਰਾਜ਼ੀਲ ਵਿਚ ਜਹਾਜ਼ ਹੋਇਆ ਕ੍ਰੈਸ਼, 14 ਲੋਕਾਂ ਦੀ ਮੌਤ



ਬ੍ਰਾਜ਼ੀਲੀਆ, 17 ਸਤੰਬਰ (ਪੋਸਟ ਬਿਊਰੋ): ਬ੍ਰਾਜ਼ੀਲ ਵਿਚ ਸ਼ਨੀਵਾਰ ਨੂੰ ਹੋਏ ਜਹਾਜ਼ ਹਾਦਸੇ ਵਿਚ ਪਾਇਲਟ ਅਤੇ ਕੋ-ਪਾਇਲਟ ਸਮੇਤ 14 ਲੋਕਾਂ ਦੀ ਮੌਤ ਹੋ ਗਈ। ਮਰਨ ਵਾਲਿਆਂ ਵਿੱਚ ਬ੍ਰਾਜ਼ੀਲ ਅਤੇ ਅਮਰੀਕਾ ਦੇ ਯਾਤਰੀ ਵੀ ਸ਼ਾਮਿਲ ਹਨ। ਸਾਰੇ ਯਾਤਰੀ ਬਾਰਸੀਲੋਸ ਵਿੱਚ ਮੱਛੀਆਂ ਫੜ੍ਹਨ ਜਾ ਰਹੇ ਸਨ।

ਇਹ ਹਾਦਸਾ ਅਮੇਜੋਨਾਸ ਦੀ ਰਾਜਧਾਨੀ ਮਾਨੌਸ ਤੋਂ ਕਰੀਬ 400 ਕਿਲੋਮੀਟਰ ਦੂਰ ਬਾਰਸੀਲੋਸ ਸੂਬੇ ਵਿੱਚ ਭਾਰਤੀ ਸਮੇਂ ਅਨੁਸਾਰ ਰਾਤ 11:30 ਵਜੇ ਵਾਪਰਿਆ। ਬ੍ਰਾਜ਼ੀਲ ਦੀ ਸਿਵਲ ਡਿਫੈਂਸ ਨੇ ਸਾਰੀਆਂ ਮੌਤਾਂ ਦੀ ਪੁਸ਼ਟੀ ਕੀਤੀ ਹੈ।

ਜਾਣਕਾਰੀ ਮੁਤਾਬਕ ਹਾਦਸੇ ਦੇ ਸਮੇਂ ਭਾਰੀ ਮੀਂਹ ਪੈ ਰਿਹਾ ਸੀ। ਮੰਨਿਆ ਜਾ ਰਿਹਾ ਹੈ ਕਿ ਖਰਾਬ ਮੌਸਮ ਕਾਰਨ ਪਾਇਲਟ ਜਹਾਜ਼ ਨੂੰ ਲੈਂਡ ਕਰਨ ਲਈ ਲੈਂਡਿੰਗ ਸਟ੍ਰਿਪ ਦਾ ਅੰਦਾਜ਼ਾ ਨਹੀਂ ਲਗਾ ਸਕਿਆ।

ਨੈਸ਼ਨਲ ਸਿਵਲ ਏਵੀਏਸ਼ਨ ਏਜੰਸੀ ਅਨੁਸਾਰ, 18 ਯਾਤਰੀਆਂ ਦੀ ਸਮਰੱਥਾ ਵਾਲਾ ਈ.ਐੱਮ.ਬੀ.-110 ਨਾਮ ਦਾ ਇਹ ਜਹਾਜ਼ ਮਾਨੌਸ ਟੈਕਸੀ ਏਰੀਓ ਨਾਮਕ ਕੰਪਨੀ ਦਾ ਸੀ। ਇਹ ਜਹਾਜ਼ ਮਾਨੌਸ ਤੋਂ ਬਾਰਸੀਲੋਸ ਜਾ ਰਿਹਾ ਸੀ। ਇਹ 90 ਮਿੰਟ ਦੀ ਉਡਾਨ ਸੀ। ਕੰਪਨੀ ਨੇ ਵੀ ਇਸ ਹਾਦਸੇ ਦੀ ਪੁਸ਼ਟੀ ਕੀਤੀ ਹੈ।

# ਗੂਗਲ ਦੇ ਸਹਿ-ਸੰਸਥਾਪਕ ਨੇ ਪਤਨੀ ਸ਼ਨਾਹਨ ਨੂੰ ਦਿੱਤਾ ਤਲਾਕ, ਦੋਨਾਂ ਕੋਲ 4 ਸਾਲਾ ਬੇਟੀ ਦੀ ਰਹੇਗੀ ਕਸਟਡੀ



ਵਾਸ਼ਿੰਗਟਨ, 17 ਸਤੰਬਰ (ਪੋਸਟ ਬਿਊਰੋ): ਗੂਗਲ ਦੇ ਸਹਿ-ਸੰਸਥਾਪਕ ਸਰਗੇਈ ਬ੍ਰਿਨ ਨੇ ਆਪਣੀ ਪਤਨੀ ਨਿਕੋਲ ਸ਼ਨਾਹਨ ਨੂੰ ਤਲਾਕ ਦੇ ਦਿੱਤਾ ਹੈ। ਨਿਕੋਲ ਪੇਸ਼ੇ ਤੋਂ ਬਿਜ਼ਨੈੱਸ ਵੂਮੈਨ ਅਤੇ ਵਕੀਲ ਹੈ ਅਤੇ ਮੀਡੀਆ ਰਿਪੋਰਟਾਂ ਮੁਤਾਬਕ ਉਨ੍ਹਾਂ ਦਾ ਟੇਸਲਾ ਦੇ ਸੰਸਥਾਪਕ ਐਲੋਨ ਮਸਕ ਨਾਲ ਅਫੇਅਰ ਚੱਲ ਰਿਹਾ ਹੈ।

ਅਦਾਲਤੀ ਦਸਤਾਵੇਜ਼ਾਂ ਅਨੁਸਾਰ ਸਰਗੇਈ ਅਤੇ ਨਿਕੋਲ ਦੇ ਤਲਾਕ ਦੀ ਪ੍ਰਕਿਰਿਆ 26 ਮਈ ਨੂੰ ਪੂਰੀ ਹੋ ਗਈ ਸੀ। ਦੋਵਾਂ ਕੋਲ ਆਪਣੀ 4 ਸਾਲਾ ਬੇਟੀ ਦੀ ਸਾਂਝੀ ਕਸਟਡੀ ਹੋਵੇਗੀ।

ਨਿਕੋਲ ਨੇ ਤਲਾਕ ਦਾ ਵਿਰੋਧ ਨਹੀਂ ਕੀਤਾ। ਦੋਨਾਂ ਨੇ 2015 ਵਿੱਚ ਡੇਟਿੰਗ ਸ਼ੁਰੂ ਕੀਤੀ ਅਤੇ 2018 ਵਿੱਚ ਵਿਆਹ ਕਰ ਲਿਆ। ਸਰਗੇਈ ਨੇ ਆਪਣੀ ਪਹਿਲੀ ਪਤਨੀ ਐਨੀ ਵੋਜਿਕੀ ਨਾਲ ਤਲਾਕ ਹੋਣ ਤੋਂ ਬਾਅਦ ਹੀ ਨਿਕੋਲ ਨਾਲ ਵਿਆਹ ਕਰਵਾ ਲਿਆ। ਹਾਲਾਂਕਿ, 2021 ਤੋਂ, ਸਰਗੇਈ ਅਤੇ ਨਿਕੋਲ ਵੱਖ-ਵੱਖ ਰਹਿ ਰਹੇ ਸਨ।

ਬ੍ਰਿਨ ਨੇ 2022 ਵਿੱਚ ਤਲਾਕ ਲਈ ਦਾਇਰ ਕੀਤੀ ਸੀ। ਜਾਣਕਾਰੀ ਮੁਤਾਬਕ ਇਸ ਤੋਂ ਠੀਕ ਇਕ ਮਹੀਨਾ ਪਹਿਲਾਂ ਹੀ ਨਿਕੋਲ ਅਤੇ ਮਸਕ ਦੇ ਅਫੇਅਰ ਦੀਆਂ ਖਬਰਾਂ ਵਾਇਰਲ ਹੋਣੀਆਂ ਸ਼ੁਰੂ ਹੋ ਗਈਆਂ ਸਨ। ਨਿਕੋਲ ਸ਼ਨਾਹਨ ਅਤੇ ਐਲੋਨ ਮਸਕ ਇੱਕ ਦੂਜੇ ਨੂੰ ਲੰਬੇ ਸਮੇਂ ਤੋਂ ਜਾਣਦੇ ਹਨ। ਦੋਹਾਂ ਨੇ ਆਪਣੇ ਅਫੇਅਰ ਦੀਆਂ ਖਬਰਾਂ ਨੂੰ ਪੂਰੀ ਤਰ੍ਹਾਂ ਖਾਰਿਜ ਕਰ ਦਿੱਤਾ ਹੈ।

# ਮਾਨਸਾ ਵਿਚ ਕਰਜ਼ੇ ਤੋਂ ਪ੍ਰੇਸ਼ਾਨ ਕਿਸਾਨ ਨੇ ਖਾਦੀ ਜ਼ਹਿਰੀਲੀ ਚੀਜ਼, ਹਸਪਤਾਲ ਵਿਚ ਮੌਤ



ਰਾਮਪੁਰਾ ਫੁੱਲ, 17 ਸਤੰਬਰ (ਪੋਸਟ ਬਿਊਰੋ): ਮਾਨਸਾ ਜ਼ਿਲ੍ਹੇ ਦੇ ਪਿੰਡ ਬੁਰਜ ਤੋਂ ਇੱਕ ਕਿਸਾਨ ਦੀ ਮੌਤ ਦਾ ਮਾਮਲਾ ਸਾਹਮਣੇ ਆਇਆ ਹੈ। ਜਿੱਥੇ ਕਰਜ਼ੇ ਕਾਰਨ 24 ਸਾਲਾ ਨੌਜਵਾਨ ਨੇ ਜ਼ਹਿਰੀਲੀ ਚੀਜ਼ ਨਿਗਲ ਕੇ ਖੁਦਕੁਸ਼ੀ ਕਰ ਲਈ। ਕਿਸਾਨ ਆਗੂ ਮੱਖਣ ਸਿੰਘ ਨੇ ਦੱਸਿਆ ਕਿ ਪਿੰਡ ਬੁਰਜ ਦਾ 24 ਸਾਲਾ ਨੌਜਵਾਨ ਮਿੰਟੂ ਸਿੰਘ ਮਜ਼ਦੂਰ ਪਰਿਵਾਰ ਨਾਲ ਸਬੰਧਤ ਸੀ। ਪਰਿਵਾਰ ਨੇ ਕਿਸੇ ਤਰ੍ਹਾਂ ਮਿਹਨਤ ਮਜ਼ਦੂਰੀ ਕਰਕੇ ਘਰ ਦਾ ਗੁਜ਼ਾਰਾ ਚਲਾਇਆ। ਘਟਨਾ ਤੋਂ ਬਾਅਦ ਮਾਮਲੇ ਦੀ ਸੂਚਨਾ ਪੁਲਸ ਨੂੰ ਦਿੱਤੀ ਗਈ।

ਪਰਿਵਾਰ ਠੇਕੇ 'ਤੇ ਜ਼ਮੀਨ ਲੈ ਕੇ ਖੇਤੀ ਕਰਦਾ ਸੀ। ਇਸ ਦੇ ਨਾਲ ਹੀ ਨੌਜਵਾਨ ਪ੍ਰਾਈਵੇਟ ਨੌਕਰੀ ਵੀ ਕਰਦਾ ਸੀ। ਪਰ ਘਰ ਦੀ ਆਰਥਿਕ ਤੰਗੀ ਅਤੇ ਕਰਜ਼ੇ ਦਾ ਬੋਝ ਵੱਧਦਾ ਦੇਖ ਕੇ ਨੌਜਵਾਨ ਨੇ ਅਜਿਹਾ ਕਦਮ ਚੁੱਕਿਆ। ਉਸ ਨੇ ਦੱਸਿਆ ਕਿ ਨੌਜਵਾਨ ਦੇ ਸਿਰ 4 ਲੱਖ ਰੁਪਏ ਦਾ ਕਰਜ਼ਾ ਸੀ। ਨੌਜਵਾਨ ਨੇ ਐਤਵਾਰ ਨੂੰ ਸਲਫਾਸ ਦੀਆਂ ਗੋਲੀਆਂ ਖਾ ਲਈਆਂ ਸਨ। ਇਸ ਦੌਰਾਨ ਮੌਕੇ 'ਤੇ ਪਹੁੰਚੀ ਪੁਲਸ ਨੇ ਲਾਸ਼ ਨੂੰ ਕਬਜ਼ੇ 'ਚ ਲੈ ਕੇ ਪੋਸਟਮਾਰਟਮ ਲਈ ਭੇਜ ਦਿੱਤਾ ਹੈ। ਪੋਸਟਮਾਰਟਮ ਦੀ ਰਿਪੋਰਟ ਆਉਣ ਤੋਂ ਬਾਅਦ ਪੁਲਿਸ ਮਾਮਲੇ ਦੀ ਅਗਲੀ ਕਾਰਵਾਈ ਕਰੇਗੀ।

# ਹਿਮਾਚਲ ਵਿਚ ਜਲੰਧਰ ਦਾ ਨੌਜਵਾਨ ਭਾਗਸੁਨਾਗ ਝਰਨੇ ਨੇੜੇ ਪਾਣੀ ਦੇ ਵਹਾਅ ਵਿਚ ਰੁੜਿਆ, ਮੌਤ



ਜਲੰਧਰ, 17 ਸਤੰਬਰ (ਪੋਸਟ ਬਿਊਰੋ): ਜਲੰਧਰ ਤੋਂ ਹਿਮਾਚਲ ਘੁੰਮਣ ਗਏ ਇੱਕ ਨੌਜਵਾਨ ਦੀ ਧਰਮਸ਼ਾਲਾ ਵਿਚ ਮੌਤ ਹੋ ਗਈ। ਉਹ ਧਰਮਸ਼ਾਲਾ ਦੇ ਮੈਕਲੋਡਗੰਜ ਦੇ ਉੱਪਰ ਸਥਿਤ ਭਾਗਸੂ ਨਾਗ ਝਰਨੇ ਦੇ ਕੋਲ ਨਹਾਉਣ ਲਈ ਦੋਸਤਾਂ ਨਾਲ ਪਾਣੀ ਵਿਚ ਦਾਖਲ ਹੋਇਆ ਸੀ। ਇਸ ਦੌਰਾਨ ਉਹ ਪਾਣੀ ਵਿਚ ਰੁੜ੍ਹ ਗਿਆ। ਨੌਜਵਾਨ ਦੇ ਰੁੜਨ ਦਾ ਵੀਡੀਓ ਵੀ ਸਾਹਮਣੇ ਆਇਆ ਹੈ। ਫਿਲਹਾਲ ਹਿਮਾਚਲ ਐੱਸ.ਡੀ.ਆਰ.ਐੱਫ. ਨੇ ਮੌਕੇ ਤੋਂ 100 ਮੀਟਰ ਹੇਠਾਂ ਨੌਜਵਾਨ ਦੀ ਲਾਸ਼ ਬਰਾਮਦ ਕਰ ਲਈ ਹੈ।

ਮ੍ਰਿਤਕ ਨੌਜਵਾਨ ਦੀ ਪਹਿਚਾਣ ਪਵਨ ਕੁਮਾਰ (32) ਵਾਸੀ ਜਲੰਧਰ ਨੇੜੇ ਰਾਕੇਸ਼ ਟੈਂਟ ਹਾਊਸ ਵਜੋਂ ਹੋਈ ਹੈ। ਮ੍ਰਿਤਕ ਦੇ ਦੋਸਤ ਅਮਿਤ ਕੁਮਾਰ ਨੇ ਪੁਲਿਸ ਨੂੰ ਦੱਸਿਆ ਕਿ ਉਹ ਅਤੇ ਉਸ ਦੇ ਦੋਸਤ ਧਰਮਸ਼ਾਲਾ ਮਿਲਣ ਆਏ ਸਨ। ਇਹ ਸਾਰੇ ਭਾਗਸੂ ਨਾਗ ਝਰਨੇ ਦੇ ਹੇਠਾਂ ਨਾਲੇ ਵਿੱਚ ਨਹਾ ਰਹੇ ਸਨ। ਇਸ ਦੌਰਾਨ ਡਰੇਨ ਵਿੱਚ ਪਾਣੀ ਅਚਾਨਕ ਵਧ ਗਿਆ ਅਤੇ ਵਹਾਅ ਬਹੁਤ ਤੇਜ਼ ਹੋ ਗਿਆ।

ਇਸ ਤੋਂ ਪਹਿਲਾਂ ਦੋ ਦੋਸਤ ਸੁਰੱਖਿਅਤ ਡਰੇਨ ਵਿਚੋਂ ਬਾਹਰ ਨਿਕਲ ਕੇ ਦੂਜੇ ਕੋਨੇ ਵਿਚ ਪਹੁੰਚ ਗਏ ਪਰ ਜਦੋਂ ਪਵਨ ਪਾਣੀ ਵਿਚ ਉਤਰਿਆ ਤਾਂ ਉਹ ਖੁਦ 'ਤੇ ਕਾਬੂ ਨਾ ਰੱਖ ਸਕਿਆ ਅਤੇ ਪਾਣੀ ਵਿਚ ਰੁੜ੍ਹ ਗਿਆ।

ਸਥਾਨਕ ਲੋਕਾਂ ਅਤੇ ਦੋਸਤਾਂ ਨੇ ਤੁਰੰਤ ਪੁਲਿਸ ਨੂੰ ਸੂਚਨਾ ਦਿੱਤੀ। ਐੱਸ.ਡੀ.ਆਰ.ਐੱਫ. ਦੀ ਟੀਮ ਤੁਰੰਤ ਮੌਕੇ 'ਤੇ ਪਹੁੰਚ ਗਈ। ਕਾਂਗੜਾ ਅਤੇ ਸਥਾਨਕ ਪੁਲਿਸ ਟੀਮ ਨੇ ਲਾਪਤਾ ਨੌਜਵਾਨਾਂ ਦੀ ਭਾਲ ਸ਼ੁਰੂ ਕਰ ਦਿੱਤੀ ਹੈ। ਪੁਲਿਸ ਨੇ ਨੌਜਵਾਨ ਦੀ ਲਾਸ਼ ਝਰਨੇ ਤੋਂ ਕਰੀਬ 100 ਮੀਟਰ ਹੇਠਾਂ ਬਰਾਮਦ ਕਰ ਲਈ।

ਐੱਸ.ਪੀ. ਕਾਂਗੜਾ ਬੀਰ ਬਹਾਦਰ ਨੇ ਦੱਸਿਆ ਕਿ ਐਤਵਾਰ ਨੂੰ ਪੋਸਟਮਾਰਟਮ ਤੋਂ ਬਾਅਦ ਲਾਸ਼ ਪਰਿਵਾਰਕ ਮੈਂਬਰਾਂ ਨੂੰ ਸੌਂਪ ਦਿੱਤੀ ਜਾਵੇਗੀ। ਪੁਲਿਸ ਨੇ ਵੀਡੀਓ ਦੇ ਆਧਾਰ 'ਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

Office: 416-654-1010

Sutton

Sutton Group Security Real Estate Brokerage
2700 Dufferin St #47, Toronto ON M6B4J3



"For all your real estate needs"

Anabela Serra
Sales Representative
416-400-5825
anabelserra75@gmail.com






98 JOHN ST E
Bradford West Gwillimbury, Ontario L3Z1G4

$1,149,000

A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters


97 JOHN ST E
Bradford West Gwillimbury, Ontario L3Z2B5



$1,089,000

A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.


103 JOHN ST W
Bradford West Gwillimbury, Ontario L3Z2A8



$799,000

**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.


6273 YONGE ST
Innisfil, Ontario L0L1K0



$799,000

Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8



$499,000

Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.

CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094



Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



Capital DRUG TESTING

CAPITAL DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse, DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com



## ਜੈ ਇੰਦਰ ਕੌਰ ਨੇ ਸੂਬਾ ਮਹਿਲਾ ਪ੍ਰਧਾਨ ਨਿਯੁਕਤ ਕੀਤੇ ਜਾਣ ਲਈ ਭਾਜਪਾ ਹਾਈਕਮਾਂਡ ਦਾ ਕੀਤਾ ਧੰਨਵਾਦ

### ਪਾਰਟੀ ਅਤੇ ਪੰਜਾਬ ਦੇ ਲੋਕਾਂ ਦੀ ਬਿਹਤਰੀ ਲਈ ਲਗਾਤਾਰ ਮਿਹਨਤ ਕਰਦੀ ਰਹਾਂਗੀ : ਜੈ ਇੰਦਰ ਕੌਰ



ਚੰਡੀਗੜ੍ਹ, 17 ਸਤੰਬਰ (ਗਿਆਨ ਸਿੰਘ): ਭਾਜਪਾ ਆਗੂ ਜੈ ਇੰਦਰ ਕੌਰ ਨੇ ਅੱਜ ਭਾਰਤੀ ਜਨਤਾ ਪਾਰਟੀ ਹਾਈਕਮਾਂਡ ਦਾ ਉਨ੍ਹਾਂ ਨੂੰ ਵਿਸ਼ਵ ਦੀ ਸਭ ਤੋਂ ਵੱਡੀ ਪਾਰਟੀ ਭਾਜਪਾ ਦਾ ਮਹਿਲਾ ਮੋਰਚਾ ਦੀ ਸੂਬਾ ਪ੍ਰਧਾਨ ਨਿਯੁਕਤ ਕਰਨ ਲਈ ਧੰਨਵਾਦ ਕੀਤਾ।

ਆਪਣੀ ਨਿਯੁਕਤੀ ਤੋਂ ਬਾਅਦ ਇੱਥੇ ਜਾਰੀ ਇੱਕ ਬਿਆਨ ਵਿੱਚ ਜੈ ਇੰਦਰ ਕੌਰ ਨੇ ਕਿਹਾ, "ਮੈਂ ਭਾਰਤੀ ਜਨਤਾ ਪਾਰਟੀ ਹਾਈਕਮਾਂਡ, ਖਾਸ ਕਰਕੇ ਮਾਨਯੋਗ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜੀ, ਪਾਰਟੀ ਪ੍ਰਧਾਨ ਜੇ.ਪੀ. ਨੱਡਾ ਜੀ ਅਤੇ ਸੂਬਾ ਪ੍ਰਧਾਨ ਸੁਨੀਲ ਜਾਖੜ ਜੀ ਦਾ ਮੇਰੇ ਤੇ ਇੱਕ ਵਾਰ ਤੋਂ ਭਰੋਸਾ ਜਤਾਉਣ ਲਈ ਅਤੇ ਮੈਨੂੰ ਭਾਜਪਾ ਪੰਜਾਬ ਮਹਿਲਾ ਮੋਰਚਾ ਦੀ ਪ੍ਰਧਾਨ ਨਿਯੁਕਤ ਕਰਨ ਲਈ ਬਹੁਤ ਧੰਨਵਾਦੀ ਹਾਂ।

ਉਨ੍ਹਾਂ ਅੱਗੇ ਕਿਹਾ ਕਿ, "ਪਾਰਟੀ ਦੇ ਇਸਤਰੀ ਵਿੰਗ ਦੀ ਅਗਵਾਈ ਕਰਨਾ ਮੇਰੇ ਲਈ ਮਾਣ ਵਾਲੀ ਗੱਲ ਹੋਵੇਗੀ ਅਤੇ ਮੈਂ ਸਾਰਿਆਂ ਨੂੰ ਭਰੋਸਾ ਦਿਵਾਉਂਦੀ ਹਾਂ ਕਿ ਮੈਂ ਪਾਰਟੀ ਦੀ ਬਿਹਤਰੀ ਅਤੇ ਸਾਡੇ ਪਿਆਰੇ ਪੰਜਾਬ ਦੇ ਲੋਕਾਂ ਲਈ ਲਗਾਤਾਰ ਮਿਹਨਤ ਕਰਦੀ ਰਹਾਂਗੀ।" ਉਹਨਾਂ ਨੇ ਅੱਗੇ ਕਿਹਾ ਕਿ, "ਇਹ ਨਿਯੁਕਤੀ ਹੋਰ ਵੀ ਯਾਦਗਾਰ ਹੋ ਗਈ ਹੈ ਕਿਉਂਕਿ ਇਹ ਸਾਡੇ ਪ੍ਰੇਰਣਾਦਾਇਕ ਮਾਨਯੋਗ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜੀ ਦੇ ਜਨਮ ਦਿਨ ਮੌਕੇ ਤੇ ਆਈ ਹੈ।"

## ਪੰਜਾਬ ਸਰਕਾਰ ਸੂਬੇ ਨੂੰ ਹਰੇਕ ਖੇਤਰ ਵਿੱਚ ਕਾਮਯਾਬ ਕਰਨ ਲਈ ਇਮਾਨਦਾਰ ਤੇ ਸੱਚੀ ਸੋਚ ਨਾਲ ਲਗਾਤਾਰ ਯਤਨਸ਼ੀਲ : ਸੰਧਵਾਂ



ਮੋਗਾ 17 ਸਤੰਬਰ (ਗਿਆਨ ਸਿੰਘ): ਪੰਜਾਬ ਸਰਕਾਰ, ਪੰਜਾਬ ਸੂਬੇ ਨੂੰ ਸਿਹਤ, ਸਿੱਖਿਆ, ਖੇਡਾਂ, ਹੁਨਰ ਵਿਕਾਸ ਅਤੇ ਹੋਰ ਹਰੇਕ ਮਹੱਤਵਪੂਰਨ ਖੇਤਰਾਂ ਵਿੱਚ ਕਾਮਯਾਬ ਕਰਨ ਲਈ ਇਮਾਨਦਾਰ ਅਤੇ ਸੱਚੀ ਸੋਚ ਨਾਲ ਲਗਾਤਾਰ ਯਤਨਸ਼ੀਲ ਹੈ। ਆਮ ਆਦਮੀ ਪਾਰਟੀ ਦੀ ਚੰਗੀ ਅਤੇ ਇਮਾਨਦਾਰੀ ਵਾਲੀ ਸੋਚ ਕਰਕੇ ਅੱਜ ਕਾਬਿਲ ਅਤੇ ਯੋਗਤਾ ਰੱਖਣ ਵਾਲੇ ਨੌਜਵਾਨਾਂ ਨੂੰ ਪੂਰੀ ਪਾਰਦਰਸ਼ਤਾ ਨਾਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਬਹੁ ਗਿਣਤੀ ਵਿੱਚ ਲਗਾਤਾਰ ਸਰਕਾਰੀ ਨੌਕਰੀਆਂ ਮੁੱਹਈਆ ਕਾਰਵਾਈਆਂ ਜਾ ਰਹੀਆਂ ਹਨ।

ਮੁੱਖ ਮੰਤਰੀ ਦੇ ਸਖ਼ਤ ਦਿਸ਼ਾ ਨਿਰਦੇਸ਼ਾਂ ਕਰਕੇ ਹਜ਼ਾਰਾਂ ਦੀ ਗਿਣਤੀ ਵਿੱਚ ਸਰਕਾਰੀ ਨੌਕਰੀਆਂ ਕੱਢ ਕੇ ਓਹਨਾਂ ਦੀਆਂ ਭਰਤੀ ਪ੍ਰਕਿਰਿਆਵਾਂ ਨੂੰ ਥੋੜੇ ਸਮੇਂ ਵਿੱਚ ਹੀ ਨੇਪਰੇ ਚਾੜਿਆ ਜਾ ਰਿਹਾ ਹੈ, ਅਜਿਹੀ ਸੋਚ ਕਰਕੇ ਨੌਜਵਾਨਾਂ ਤੋਂ ਇਲਾਵਾ ਹਰੇਕ ਵਰਗ ਦੇ ਲੋਕ ਪੰਜਾਬ ਸਰਕਾਰ ਦੀਆਂ ਨੀਤੀਆਂ ਤੋਂ ਬਹੁਤ ਜ਼ਿਆਦਾ ਸੰਤੁਸ਼ਟ ਹਨ। ਸਰਕਾਰ ਵੱਲੋਂ ਖੇਡਾਂ ਵਤਨ ਪੰਜਾਬ ਦੀਆਂ ਸੀਜ਼ਨ 2 ਵੀ ਸ਼ੁਰੂ ਕਰ ਦਿੱਤਾ ਹੈ ਤਾਂ ਕਿ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੇ ਰਾਹਾਂ ਤੋਂ ਮੋੜਿਆ ਜਾ ਸਕੇ, ਜਿਸ ਵਿੱਚ ਖਿਡਾਰੀਆਂ ਨੂੰ ਲੱਖਾਂ ਦੇ ਇਨਾਮ ਵੀ ਤਕਸੀਮ ਕੀਤੇ ਜਾਣਗੇ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅੱਜ ਵਰਲਡ ਮਿਲੇਨੀਅਮ ਸਕੂਲ ਪੰਜਗਰਾਈਂ ਖੁਰਦ ਵਿਖੇ ਕੀਤਾ। ਉਹਨਾਂ ਇਥੇ ਸੁਖਮਨੀ ਸਾਹਿਬ ਦੇ ਪਾਠ ਵਿੱਚ ਸ਼ਿਰਕਤ ਕੀਤੀ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਨਤਮਸਤਕ ਹੋ ਕੇ ਸਕੂਲ ਦੀ ਨਵੀਂ ਬਣੀ ਮੈਨੇਜਮੈਂਟ ਨੂੰ ਵਧਾਈਆਂ ਦਿੱਤੀਆਂ। ਇਸ ਮੌਕੇ ਸਕੂਲ ਮੈਨੇਜਮੈਂਟ ਵੱਲੋਂ ਇਹ ਵੀ ਫੈਸਲਾ ਲਿਆ ਗਿਆ ਕਿ ਜੇਕਰ ਕੋਈ ਲੋੜਵੰਦ ਅਤੇ ਗਰੀਬ ਪਰਿਵਾਰ ਦਾ ਬੱਚਾ ਇਸ ਸਕੂਲ ਜਰੀਏ ਸਿੱਖਿਆ ਪ੍ਰਾਪਤ ਕਰਨੀ ਚਾਹੁੰਦਾ ਹੈ ਤਾਂ ਉਸਨੂੰ ਮੁਫ਼ਤ ਸਿੱਖਿਆ ਮੁਹਈਆ ਕਰਵਾਈ ਜਾਵੇਗੀ। ਸਕੂਲ ਮੈਨੇਜਮੈਂਟ ਦੇ ਇਸ ਉਪਰਾਲੇ ਦੀ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸ਼ਲਾਘਾ ਕੀਤੀ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਹਰਮਨਜੀਤ ਸਿੰਘ ਬਰਾੜ, ਚੇਅਰਮੈਨ ਨਗਰ ਸੁਧਾਰ ਟਰੱਸਟ ਦੀਪਕ ਅਰੋੜਾ, ਡਾਇਰੈਕਟਰ ਲਵਪ੍ਰੀਤ ਸਿੰਘ, ਐਮ ਡੀ ਜਸਕਰਨ ਸਿੰਘ, ਕਰਨਵੀਰ ਸਿੰਘ ਭਵਰਾ, ਮਨਪ੍ਰੀਤ ਸਿੰਘ ਧਾਲੀਵਾਲ ਪੀ ਅਰ ਓ ਸਪੀਕਰ ਪੰਜਾਬ ਵਿਧਾਨ ਸਭਾ, ਸੁਖਵਿੰਦਰ ਸਿੰਘ ਧਾਲੀਵਾਲ, ਬਿਕਰਮਜੀਤ ਸਿੰਘ ਸੰਨੀ, ਦੀਪਕ ਮੋਂਗਾ, ਵਰਿੰਦਰਪਾਲ ਸਿੰਘ ਰੱਤੀਆਂ ਲੀਗਲ ਸੈੱਲ ਪ੍ਰੈਜੀਡੈਂਟ ਆਮ ਆਦਮੀ ਪਾਰਟੀ ਆਦਿ ਹਾਜ਼ਰ ਸਨ।

## ਜੰਮੂ-ਕਸ਼ਮੀਰ ਵਿਚ ਸਿਪਾਹੀ ਦੀ ਸਰਵਿਸ ਰਾਈਫਲ ਤੋਂ ਅਚਾਨਕ ਚੱਲੀ ਗੋਲੀ, ਗੋਲੀ ਲੱਗਣ ਕਾਰਨ ਇਕ ਸਾਥੀ ਦੀ ਮੌਤ



ਬਾਂਦੀਪੋਰਾ, 17 ਸਤੰਬਰ (ਪੋਸਟ ਬਿਊਰੋ): ਐਤਵਾਰ 17 ਸਤੰਬਰ ਨੂੰ ਜੰਮੂ-ਕਸ਼ਮੀਰ ਦੇ ਬਾਂਦੀਪੋਰਾ ਜ਼ਿਲ੍ਹੇ ਵਿਚ ਫੌਜ ਦੇ ਇਕ ਜਵਾਨ ਦੀ ਸਰਵਿਸ ਰਾਈਫਲ ਤੋਂ ਅਚਾਨਕ ਗੋਲੀ ਚੱਲ ਗਈ। ਇਸ ਕਾਰਨ ਇਕ ਫੌਜੀ ਦੀ ਮੌਤ ਹੋ ਗਈ, ਜਦਕਿ ਇਕ ਹੋਰ ਸਾਥੀ ਜ਼ਖਮੀ ਹੋ ਗਿਆ। ਬਾਂਦੀਪੋਰਾ ਜ਼ਿਲ੍ਹਾ ਪੁਲਿਸ ਨੇ ਸੋਸ਼ਲ ਮੀਡੀਆ 'ਤੇ ਮਾਮਲੇ ਦੀ ਜਾਣਕਾਰੀ ਦਿੱਤੀ।

ਜਾਣਕਾਰੀ ਮੁਤਾਬਕ ਮਾਮਲਾ 14 ਰਾਸ਼ਟਰੀ ਰਾਈਫਲਜ਼ ਦੇ ਕੈਂਪ ਨਾਲ ਸਬੰਧਤ ਹੈ। ਐਤਵਾਰ ਨੂੰ ਕੈਂਪ ਵਿਚ ਇਕ ਸਿਪਾਹੀ ਦੀ ਰਾਈਫਲ ਗਲਤੀ ਨਾਲ ਜ਼ਮੀਨ 'ਤੇ ਡਿੱਗ ਗਈ। ਜਿਸ ਕਾਰਨ ਰਾਈਫਲ ਤੋਂ ਫਾਇਰਿੰਗ ਹੋ ਗਈ। ਗੋਲੀਆਂ ਦੋ ਸਿਪਾਹੀਆਂ ਨੂੰ ਲੱਗੀਆਂ। ਦੋਵਾਂ ਨੂੰ ਤੁਰੰਤ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਇੱਕ ਨੂੰ ਮ੍ਰਿਤਕ ਐਲਾਨ ਦਿੱਤਾ। ਜਦਕਿ ਇੱਕ ਹੋਰ ਦਾ ਇਲਾਜ ਚੱਲ ਰਿਹਾ ਹੈ।

ਘਟਨਾ ਤੋਂ ਬਾਅਦ ਮੁਲਜ਼ਮ ਫੌਜੀ ਨੂੰ ਹਿਰਾਸਤ ਵਿਚ ਲੈ ਲਿਆ ਗਿਆ ਹੈ। ਪ੍ਰੋਟੋਕੋਲ ਅਨੁਸਾਰ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਇਸ ਦੇ ਨਾਲ ਹੀ ਕੈਂਪ ਵਿਚ ਮੌਜੂਦ ਹੋਰ ਜਵਾਨਾਂ ਤੋਂ ਵੀ ਪੁੱਛਗਿੱਛ ਕੀਤੀ ਜਾ ਰਹੀ ਹੈ, ਤਾਂ ਜੋ ਇਹ ਸਮਝਿਆ ਜਾ ਸਕੇ ਕਿ ਇਹ ਘਟਨਾ ਕਿਵੇਂ ਵਾਪਰੀ।












## ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 32-year-old son. Doing business in Ontario and Winnipeg. Canadian citizen, Height: 5"10', Active in Real Estate and Financing Business. Call: 204-510-7658 or 437-881-7282

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4'' tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300


ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500


Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com







# ਕਿਹੜੇ ਮੁੱਖ ਮੁੱਦਿਆਂ ਉੱਤੇ ਕੇਂਦਰਤ ਹੋ ਸਕਦੀ ਹੈ ਅਗਲੀ ਲੋਕ ਸਭਾ ਚੋਣ !

**ਜਤਿੰਦਰ ਪਨੂੰ ਦੀ ਕਲਮ ਤੋਂ**



ਭਾਰਤ ਦਾ ਲੋਕਤੰਤਰ ਜਦੋਂ ਅਗਲੀ ਪਾਰਲੀਮੈਂਟ ਚੋਣ ਲਈ ਤਿਆਰ ਹੁੰਦਾ ਪਿਆ ਹੈ, ਓਦੋਂ ਏਨੀ ਕੁ ਗੱਲ ਸਾਫ ਹੋਈ ਕਹਿ ਸਕਦੇ ਹਾਂ ਕਿ ਦੋ ਵੱਡੀਆਂ ਧਿਰਾਂ: ਇੱਕ ਭਾਜਪਾ ਦੀ ਅਗਵਾਈ ਵਾਲੇ ਪੁਰਾਣੇ ਗੱਠਜੋੜ ਅਤੇ ਦੂਸਰਾ ਕਾਂਗਰਸ ਸਮੇਤ ਕਈ ਧਿਰਾਂ ਦੇ ਨਵੇਂ ਗੱਠਜੋੜ ਵਿੱਚ ਹੀ ਮੁੱਖ ਮੁਕਾਬਲਾ ਹੋਣ ਵਾਲਾ ਹੈ। ਇਸ ਸਾਲ ਦੇ ਅਖੀਰਲੇ ਮਹੀਨਿਆਂ ਵਿੱਚਪੰਜਾਂ ਰਾਜਾਂ ਵਿੱਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਹੋਣਗੀਆਂ ਜਾਂ ਜਿਵੇਂ ਕਨਸੋਆਂ ਮਿਲਦੀਆਂ ਹਨ, ਅਗਲੇ ਸਾਲ ਲੋਕ ਸਭਾ ਚੋਣਾਂ ਨਾਲ ਜੋੜਨ ਲਈ ਰੋਕ ਲਈਆਂ ਜਾਣਗੀਆਂ, ਇਹ ਗੱਲ ਅਜੇ ਤੱਕ ਸਪੱਸ਼ਟ ਨਹੀਂ। ਚੋਣ ਕਮਿਸ਼ਨ ਦੇ ਦਫਤਰ ਤੋਂ ਇਹ ਗੱਲਾਂ ਨਿਕਲ ਰਹੀਆਂ ਹਨ ਕਿ ਲੋਕ ਸਭਾ ਤੇ ਸਾਰੇ ਦੇਸ਼ ਦੀਆਂ ਵਿਧਾਨ ਸਭਾਵਾਂ ਲਈ ਇਕੱਠੀ ਚੋਣ ਵੀ ਕਰਾਈ ਜਾ ਸਕਦੀ ਹੈ ਤੇ ਇਹ ਵੀ ਹੋ ਸਕਦਾ ਹੈ ਕਿ ਅੱਧੇ ਰਾਜਾਂ ਦੀਆਂ ਚੋਣਾਂ ਲੋਕ ਸਭਾ ਨਾਲ ਅਤੇ ਬਾਕੀ ਅੱਧਿਆਂ ਵਾਸਤੇ ਲੋਕ ਸਭਾ ਦੀ ਮਿਆਦ ਅੱਧੀ ਲੰਘਣ ਮੌਕੇ ਚੋਣਾਂ ਕਰਵਾਈਆਂ ਜਾਣ ਵਾਲਾ ਫੈਸਲਾ ਹੋ ਜਾਵੇ। ਕੇਂਦਰ ਸਰਕਾਰ ਦੇ ਆਪਣੇ ਪਾਸੇ ਤੋਂ ਸੰਕੇਤ ਸਪੱਸ਼ਟ ਨਹੀਂ ਮਿਲਦੇ, ਪਰ ਸਰਕਾਰ ਦੇ ਫੈਸਲਿਆਂ ਉੱਤੇ ਫੁੱਲ ਚੜ੍ਹਾਉਣ ਵਾਸਤੇ ਚੋਣ ਕਮਿਸ਼ਨ ਤੋਂ ਸੰਕੇਤ ਹੋਰ ਤੋਂ ਹੋਰ ਸਪੱਸ਼ਟ ਮਿਲਦੇ ਪਏ ਹਨ। ਪਿਛਲੇ ਹਫਤੇ ਇਹ ਗੱਲ ਵੀ ਬਾਹਰ ਆ ਗਈ ਹੈ ਕਿ ਚੋਣ ਕਮਿਸ਼ਨ ਨੇ ਸਮੁੱਚੇ ਦੇਸ਼ ਵਿੱਚ ਲੋਕ ਸਭਾ, ਰਾਜਾਂ ਦੀਆਂ ਵਿਧਾਨ ਸਭਾਵਾਂ ਅਤੇ ਸਥਾਨਕ ਸੰਸਥਾਵਾਂ: ਨਗਰ ਕਾਰਪੋਰੇਸ਼ਨਾਂ, ਨਗਰ ਕੌਂਸਲਾਂ ਤੇ ਪੰਚਾਇਤਾਂ ਤੱਕ ਲਈ ਵੋਟਰਾਂ ਦੀ ਇੱਕੋ ਸੂਚੀ ਬਣਾਉਣ ਦੀਆਂ ਤਿਆਰੀਆਂ ਵਿੱਢ ਦਿੱਤੀਆਂ ਹਨ। ਇਸ ਦਾ ਮਤਲਬ ਸਾਫ ਹੈ ਕਿ ਫੈਸਲਾ ਜੋ ਵੀ ਸਰਕਾਰ ਦੇ ਪੱਧਰ ਉੱਤੇ ਹੋ ਜਾਵੇ, ਚੋਣਾਂ ਦਾ ਅਮਲਾ ਇਸ ਤਿਆਰੀ ਵਿੱਚ ਅਗੇਤਾ ਹੀ ਰੁੱਝਣ ਵਾਲੇ ਸੰਕੇਤ ਮਿਲਦੇ ਪਏ ਹਨ ਤਾਂ ਕਿ ਇਸ ਨੂੰ ਲਾਗੂ ਕਰਨ ਵਾਸਤੇ ਕਿਸੇ ਵੀ ਤਰ੍ਹਾਂ ਦੀ ਅੜਚਣ ਨਾ ਆਵੇ।

ਚੋਣ ਕਮਿਸ਼ਨ ਕੀ ਕਰਦਾ ਹੈ ਤੇ ਕਿੱਦਾਂ ਦੇ ਪ੍ਰਬੰਧ ਉਸ ਵੇਲੇ ਸਾਹਮਣੇ ਆਉਂਦੇ ਹਨ, ਇਹੋ ਜਿਹੀਆਂ ਗੱਲਾਂ ਵਿੱਚ ਆਮ ਲੋਕ ਬਹੁਤੀ ਦਿਲਚਸਪੀ ਨਹੀਂ ਲਿਆ ਕਰਦੇ, ਉਨ੍ਹਾਂ ਲਈ ਇਹ ਗੱਲ ਵੱਧ ਅਰਥ ਰੱਖਦੀ ਹੈ ਕਿ ਚੋਣਾਂ ਵਿੱਚ ਇਸ ਵਾਰੀ ਮੁੱਖ ਮੁੱਦੇ ਕਿਹੜੇ ਉੱਭਰਨ ਦੀ ਆਸ ਹੈ। ਇਸ ਮਾਮਲੇ ਵਿੱਚ ਨਕਸ਼ਾ ਪਹਿਲਾਂ ਤੋਂ ਕਾਫੀ ਬਦਲਿਆ ਹੋਇਆ ਨਜ਼ਰ ਪੈਂਦਾ ਹੈ। ਉਹ ਵਕਤ ਅੱਜ ਨਹੀਂ ਰਹਿ ਗਿਆ, ਜਦੋਂ ਗੁਜਰਾਤ ਦੇ ਮੁੱਖ ਮੰਤਰੀ ਨਰਿੰਦਰ ਮੋਦੀ ਨੇ ਦੇਸ਼ ਵਿੱਚ ਫੈਲੇ ਹੋਏ ਭ੍ਰਿਸ਼ਟਾਚਾਰ ਨੂੰ ਮੁੱਖ ਮੁੱਦੇ ਵਜੋਂ ਪੇਸ਼ ਕਰ ਕੇ 'ਨਾ ਖਾਊਂਗਾ, ਨਾ ਖਾਨੇ ਦੂੰਗਾ' ਵਾਲਾ ਹੋਕਾ ਦਿੱਤਾ ਸੀ ਤੇ ਉਸ ਦੇ ਜਵਾਬ ਵਿੱਚ ਲੋਕ ਹੁੰਗਾਰਾ ਦੇਣ ਨਿਕਲ ਪਏ ਸਨ। ਬਾਅਦ ਵਿੱਚ ਨਰਿੰਦਰ ਮੋਦੀ ਸਰਕਾਰ ਨਾਲ ਜੁੜੇ ਹੋਏ ਲੋਕਾਂ ਦੇ ਆਪਣੇ ਹੀ ਭ੍ਰਿਸ਼ਟਾਚਾਰ ਦੇ ਕਿੱਸੇ ਏਨੇ ਸਾਹਮਣੇ ਆ ਗਏ ਹਨ ਕਿ ਸਭ ਤੋਂ ਵੱਧ ਇਮਾਨਦਾਰ ਗਿਣੇ ਜਾਂਦੇ ਪ੍ਰਧਾਨ ਮੰਤਰੀ ਮਨਮੋਹਨ ਸਿੰਘ ਦੀ ਸਭ ਤੋਂ ਵੱਧ ਭ੍ਰਿਸ਼ਟਾਚਾਰੀ ਸਰਕਾਰ ਦੇ ਕਿੱਸੇ ਅੱਜ ਵਾਲਿਆਂ ਮੂਹਰੇ ਬੌਣੇ ਹੋ ਗਏ ਹਨ। ਪ੍ਰਧਾਨ ਮੰਤਰੀ ਨਾਲ ਸਭ ਤੋਂ ਵੱਧ ਨੇੜਤਾ ਵਾਲੇ ਗੌਤਮ ਅਡਾਨੀ ਦਾ ਮਾਮਲਾ ਹੀ ਏਡਾ ਵੱਡਾ ਹੈ ਕਿ ਉਸ ਦੇ ਮੂਹਰੇ ਸੰਸਾਰ ਭਰ ਦੇ ਇਹੋ ਜਿਹੇ ਮਾਮਲੇ ਨਿਗੂਣੇ ਜਿਹੇ ਜਾਪਦੇ ਹਨ। ਗੁਜਰਾਤ ਸਮੇਤ ਜਿਹੜੇ ਵੀ ਰਾਜ ਵਿੱਚ ਭਾਜਪਾ ਦੀ ਅਗਵਾਈ ਵਾਲੀ ਸਰਕਾਰ ਬਣੀ ਹੈ, ਉਸ ਦੇ ਭ੍ਰਿਸ਼ਟਾਚਾਰ ਦੇ ਕਿੱਸੇ ਆਪਣੇ ਤੋਂ ਪਹਿਲੇ ਸਾਰਿਆਂ ਦਾ ਰਿਕਾਰਡ ਤੋੜਨ ਵਾਲੇ ਸਾਬਤ ਹੋਏ ਹਨ। ਕਰਨਾਟਕ ਵਿੱਚ ਭਾਜਪਾ ਸਰਕਾਰ ਖੁੱਸਣ ਦਾ ਵੱਡਾ ਕਾਰਨ ਖੁਦਕੁਸ਼ੀ ਕਰਨ ਵਾਲੇ ਇੱਕ ਠੇਕੇਦਾਰ ਦੀ ਚਿੱਠੀ ਬਣੀ ਸੀ, ਜਿਸ ਵਿੱਚ ਲਿਖਿਆ ਸੀ ਕਿ ਉਹ ਹਰ ਸਰਕਾਰ ਦੌਰਾਨ ਕਮਿਸ਼ਨ ਦੇਂਦੇ ਆਏ ਸਨ ਅਤੇ ਅੱਜ ਵੀ ਦੇਂਦੇ ਹਨ, ਪਰ ਜਦੋਂ ਦੀ ਭਾਜਪਾ ਦੇ ਆਗੂਆਂ ਕੋਲ ਵਾਗਡੋਰ ਆਈ ਹੈ, ਕਮਿਸ਼ਨ ਏਨਾ ਕੁ ਵਧ ਗਿਆ ਹੈ ਕਿ ਅਸੀਂ ਦੇ ਹੀ ਨਹੀਂ ਸਕਦੇ। ਓਦੋਂ ਕਰਨਾਟਕ ਦੇ ਠੇਕੇਦਾਰਾਂ ਦੀ ਐਸੋਸੀਏਸ਼ਨ ਨੇ ਇਸ ਮਾਮਲੇ ਵਿੱਚ ਜਿਹੜੀ ਚਿੱਠੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਲਿਖੀ ਸੀ ਅਤੇ ਜਿਹੜੀ ਪੜ੍ਹਨ ਜਾਂ ਕੁਝ ਕਰਨ ਦੇ ਲਾਇਕ ਨਹੀਂ ਸੀ ਸਮਝੀ ਗਈ, ਉਹ ਚੋਣਾਂ ਵਿੱਚ ਹਰ ਘਰ ਤੱਕ ਪਹੁੰਚੀ ਸੀ। ਏਦਾਂ ਦੇ ਹਾਲਾਤ ਵਿੱਚ ਭਾਜਪਾ ਇਸ ਵਾਰੀ ਭ੍ਰਿਸ਼ਟਾਚਾਰ ਦੇ ਮੁੱਦੇ ਨਾਲ ਚੋਣਾਂ ਵਿੱਚ ਕੁੱਦਣ ਦਾ ਅਰਥ ਜਾਣਦੀ ਹੈ। ਵਿਰੋਧੀ ਧਿਰਾਂ ਦੇ ਆਗੂ ਇਸ ਵਾਰੀ ਇਹ ਮੁੱਦਾ ਚੁੱਕ ਤੁਰੇ ਹਨ ਅਤੇ ਭਾਜਪਾ ਇਸ ਮੁੱਦੇ ਤੋਂ ਪਿੱਛੇ ਹਟਦੀ ਜਾਪਦੀ ਹੈ।

ਇਸ ਦੀ ਬਜਾਏ ਭਾਜਪਾ ਦੀ ਇਸ ਵਾਰੀ ਤਿੰਨ ਗੱਲਾਂ ਉੱਤੇ ਟੇਕ ਜਾਪਦੀ ਹੈ, ਜਿਨ੍ਹਾਂ ਵਿੱਚੋਂ ਪਹਿਲਾ ਦਾਅ ਸਮੁੱਚੇ ਦੇਸ਼ ਵਿੱਚ ਇੱਕੋ ਵਾਰ ਚੋਣਾਂ ਕਰਾਉਣ ਦਾ ਹੈ। ਉਸ ਦੇ ਲੀਡਰ ਸੋਚਦੇ ਹਨ ਕਿ ਨਰਿੰਦਰ ਮੋਦੀ ਜਿੱਡੇ ਅਕਸ ਵਾਲਾ ਕੋਈ ਆਗੂ ਇਸ ਦੇਸ਼ ਵਿੱਚ ਹੋਰ ਨਹੀਂ ਦਿੱਸਦਾ, ਜਿਸ ਨੂੰ ਵਿਰੋਧੀ ਧਿਰਾਂ ਚੁੱਕ ਕੇ ਚੁਣੌਤੀ ਕਬੂਲਣ ਲਈ ਪੇਸ਼ ਕਰ ਸਕਦੀਆਂ ਹੋਣ। ਜਦੋਂ ਸਾਰੇ ਦੇਸ਼ ਲਈ ਇਕੱਠੀ ਚੋਣ ਕਰਵਾਈ ਗਈ ਤਾਂ ਦੇਸ਼ ਦੀ ਕਮਾਨ ਨਰਿੰਦਰ ਮੋਦੀ ਵਰਗੇ ਲੀਡਰ ਦੇ ਹੱਥ ਵਿੱਚ ਆਮ ਲੋਕਾਂ ਨੂੰ ਵੱਧ ਸੁਰੱਖਿਅਤ ਲੱਗੇਗੀ ਤੇ ਉਹ ਜਦੋਂ ਇਸ ਮੁੱਦੇ ਲਈ ਉਸ ਨੂੰ ਵੋਟ ਪਾਉਣਗੇ ਤਾਂ ਰਾਜ ਵਿੱਚ ਵੀ ਸਰਕਾਰ ਕਿਸ ਦੀ ਬਣਾਉਣੀ ਹੈ, ਉਸ ਦਾ ਬਟਨ ਓਸੇ ਰੌਂਅ ਵਿੱਚ ਲੱਗੇ ਹੱਥ ਭਾਜਪਾ ਵਾਲਾ ਦੱਬ ਦੇਣਗੇ। ਤਜਰਬਾ ਇਹ ਦੱਸਦਾ ਹੈ ਕਿ ਏਦਾਂ ਦਾ ਦਾਅ ਹਰ ਥਾਂ ਨਹੀਂ ਚੱਲਦਾ ਹੁੰਦਾ ਅਤੇ ਲੋਕ ਹਰ ਨਵੇਂ ਤਜਰਬੇ ਨਾਲ ਪਹਿਲਾਂ ਤੋਂ ਵੱਧ ਸਿਆਣੇ ਹੁੰਦੇ ਜਾਣ ਕਾਰਨ ਇਸ ਵਾਰੀ ਭੁਆਂਟਣੀ ਵੀ ਦੇ ਸਕਦੇ ਹਨ। ਇਸ ਕਾਰਨ ਭਾਜਪਾ ਕੋਈ ਹੋਰ ਵੀ ਮੁੱਦਾ ਭਾਲਦੀ ਹੈ।

ਪਿਛਲੇ ਦਿਨੀਂ ਤਾਮਿਲ ਨਾਡੂ ਦੇ ਮੁੱਖ ਮੰਤਰੀ ਐੱਮ ਕੇ ਸਟਾਲਿਨ ਦੇ ਪੁੱਤਰ ਨੇ ਸਨਾਤਨ ਧਰਮ ਬਾਰੇ ਕੁਝ ਸ਼ਬਦ ਬੋਲੇ ਤਾਂ ਭਾਜਪਾ ਪੱਖੀਆਂ ਨੇ ਸਾਰੇ ਦੇਸ਼ ਵਿੱਚ ਇਹ ਗੱਲ ਚੁੱਕ ਲਈ ਕਿ ਇਹ ਸਨਾਤਨ ਧਰਮ ਉੱਤੇ ਹਮਲਾ ਕੀਤਾ ਗਿਆ ਹੈਤੇ ਫਿਰ ਪ੍ਰਧਾਨ ਮੰਤਰੀ ਨੇ ਖੁਦ ਇਹ ਮੁੱਦਾ ਚੁੱਕ ਲਿਆ। ਉਨ੍ਹਾ ਕਿਹਾ ਕਿ ਵਿਰੋਧੀ ਧਿਰਾਂ ਵਾਲਾ ਗੱਠਜੋੜਭਾਰਤ ਵਿੱਚ ਸਨਾਤਨ ਨੂੰ ਢਾਹ ਲਾਉਣਾ ਚਾਹੁੰਦਾ ਹੈ। ਜਿੰਨੀ ਕੁ ਸਾਨੂੰ ਸਮਝ ਪਈ, ਮਾਮਲਾ ਸਨਾਤਨ ਧਰਮ ਦੇ ਵਿਰੋਧ ਦਾ ਨਹੀਂ, ਇਸ ਵਿਚਲੀਆਂ ਉਨ੍ਹਾਂ ਕੁਰੀਤੀਆਂ ਦੇ ਵਿਰੋਧ ਦਾ ਸੀ, ਜਿਨ੍ਹਾਂ ਕਾਰਨ ਹਿੰਦੂ ਸਮਾਜ ਦੇ ਦਲਿਤ ਵਰਗਾਂ ਦੇ ਲੋਕਾਂ ਨੂੰ ਕਈ ਤਰ੍ਹਾਂ ਦਾ ਅੱਤਿਆਚਾਰ ਸਹਿਣਾ ਪੈਂਦਾ ਹੈ। ਬੇਸ਼ੱਕ ਭਾਜਪਾ ਅਤੇ ਇਸ ਨਾਲ ਜੁੜੀ ਟੀਮ ਨੇ ਇਸ ਨੂੰ ਸਨਾਤਨ ਦੇ ਖਿਲਾਫ ਹਮਲਾ ਬਣਾ ਕੇ ਪੇਸ਼ ਕੀਤਾ, ਪਰ ਇਸ ਦੀ ਮਾਰ ਜਿਹੜੇ ਅਸਲ ਥਾਂ ਪੈਣੀ ਸੀ, ਭਾਜਪਾ ਦੀ ਪੱਕੀ ਧਿਰ ਸਮਝੇ ਜਾਂਦੇ ਆਰ ਐੱਸ ਐੱਸ ਦੇ ਮੁਖੀ ਨੇ ਉਸ ਮਾਰ ਨੂੰ ਸਮਝਿਆ ਅਤੇ ਪਹਿਲੀ ਵਾਰੀ ਇਹ ਗੱਲ ਕਹੀ ਕਿ ਦਲਿਤ ਭਾਈਚਾਰੇ ਨਾਲ ਛੂਤ-ਛਾਤ ਨਹੀਂ ਹੋਣੀ ਚਾਹੀਦੀ, ਇਨ੍ਹਾਂ ਨੂੰ ਬਰਾਬਰ ਦੇ ਇਨਸਾਨ ਸਮਝਿਆ ਜਾਣਾ ਚਾਹੀਦਾ ਹੈ। ਓਦੋਂ ਪਹਿਲਾਂ ਬਹੁਤ ਵਾਰੀ ਦਲਿਤਾਂ ਨਾਲ ਜ਼ਿਆਦਤੀਆਂ ਹੋਈਆਂ, ਮੱਧ ਪ੍ਰਦੇਸ਼ ਵਿੱਚ ਇੱਕ ਦਲਿਤ ਦੇ ਮੂੰਹ ਉੱਤੇ ਪੇਸ਼ਬ ਵੀ ਕੀਤਾ ਗਿਆ, ਪਰ ਆਰ ਐੱਸ ਐੱਸ ਦਾ ਮੁਖੀ ਨਹੀਂ ਸੀ ਬੋਲਿਆ। ਉਸ ਘਿਨਾਉਣੀ ਘਟਨਾ ਤੋਂ ਕੁਝ ਦਿਨ ਬਾਅਦ ਓਸੇ ਮੱਧ ਪ੍ਰਦੇਸ਼ ਵਿੱਚ ਇੱਕ ਦਲਿਤ ਦੇ ਸਰੀਰ ਉੱਤੇ ਮਨੁੱਖੀ ਮੈਲਾ ਮਲ ਦਿਤਾ ਗਿਆ, ਓਦੋਂ ਵੀ ਉਹ ਨਹੀਂ ਬੋਲਿਆ। ਫਿਰ ਜਦੋਂ ਤਾਮਿਲ ਨਾਡੂ ਦੇ ਉਸ ਨੇਤਾ ਦੇ ਬਿਆਨ ਦੀ ਗੂੰਜ ਪਈ ਅਤੇ ਇਹ ਗੱਲ ਦਲਿਤਾਂ ਵਿੱਚ ਵੀ ਜਾਣ ਲੱਗੀ ਤਾਂ ਓਸੇ ਆਰ ਐੱਸ ਐੱਸ ਦਾ ਮੁਖੀ ਛੂਤ-ਛਾਤ ਛੱਡ ਦੇਣ ਦਾ ਉਪਦੇਸ਼ ਦੇਂਦਾ ਸੁਣਿਆ ਗਿਆ। ਇਹ ਮੁੱਦਾ ਇਸ ਵੇਲੇ ਸਾਰੇ ਦੇਸ਼ ਵਿੱਚ ਖਿੱਲਰ ਚੁੱਕਾ ਹੈ।

ਵਿਰੋਧੀ ਧਿਰਾਂ ਦੇ ਆਗੂ ਮੁੱਢਲੇ ਤੌਰ ਉੱਤੇ ਬੇਸ਼ੱਕ ਤਾਮਿਲ ਨਾਡੂ ਵਾਲੇ ਨੇਤਾ ਦੇ ਬਿਆਨ ਨਾਲ ਸੰਬੰਧ ਨਾ ਹੋਣ ਦੇ ਬਿਆਨ ਦੇ ਚੁੱਕੇ ਸਨ, ਫਿਰ ਉਸ ਪਾਸਿਉਂ ਵੀ ਇਹ ਗੱਲ ਚੱਲਦੀ ਸੁਣਨ ਲੱਗ ਪਈ ਕਿ ਜੇ ਭਾਜਪਾ ਇਹ ਮੁੱਦਾ ਚੁੱਕੇਗੀ ਤਾਂ ਝਿਜਕਣ ਦੀ ਥਾਂ ਇਸ ਮੁੱਦੇ ਉੱਤੇ ਸਿੱਧਾ ਦਲਿਤ ਲੋਕਾਂ ਤੱਕ ਪਹੁੰਚ ਕੀਤੀ ਜਾਣੀ ਬਣਦੀ ਹੈ। ਇਹ ਗੱਲ ਚਰਚਾ ਵਿੱਚ ਆ ਗਈ ਕਿ ਕਾਂਗਰਸ ਪਾਰਟੀ ਪਹਿਲੇ ਚਾਲੀ-ਪੰਜਾਹ ਸਾਲ ਭਾਰਤ ਦੀ ਰਾਜਨੀਤੀ ਉੱਤੇ ਭਾਰੂ ਹੀ ਇਸ ਲਈ ਰਹਿ ਸਕੀ ਸੀ ਕਿ ਆਜ਼ਾਦੀ ਲਹਿਰ ਦੇ ਦੌਰਾਨ ਉਸ ਦੇ ਆਗੂਆਂ ਨੇ ਅਤੇ ਵਿਸ਼ੇਸ਼ ਕਰ ਕੇਖੁਦ ਮਹਾਤਮਾ ਗਾਂਧੀ ਨੇ ਦਲਿਤਾਂ ਲਈ 'ਹਰੀਜਨ' (ਰੱਬ ਦੇ ਜੀਅ) ਵਾਲਾ ਸ਼ਬਦ ਵਰਤ ਕੇ ਹਮਦਰਦੀ ਜਤਾਈ ਸੀ। ਉਨ੍ਹਾਂ ਲੋਕਾਂ ਨੂੰ ਬਹੁਤੇ ਹੱਕ ਬੇਸ਼ਕ ਮਿਲਣੇ ਸੰਭਵ ਨਹੀਂ ਸਨ ਹੋ ਸਕੇ, ਪਰ ਜਿੰਨਾ ਕੁਝ ਮਿਲ ਸਕਿਆ ਸੀ, ਉਸ ਦਾ ਸਿਹਰਾ ਕਾਂਗਰਸ ਆਪਣੇ ਸਿਰ ਲੈਂਦੀ ਤਾਂ ਬਾਕੀ ਪਾਰਟੀਆਂ ਲਈ ਇਸ ਨੂੰ ਕੱਟਣਾ ਔਖਾ ਹੁੰਦਾ ਸੀ। ਇਹ ਗੱਲ ਫਿਰ ਚੱਲ ਪਈ ਕਿ ਇਸ ਵਾਰੀ ਦਲਿਤਾਂ ਨੂੰ ਦੋਬਾਰਾ ਇਹ ਅਹਿਸਾਸ ਕਰਾਉਣ ਦੀ ਲੋੜ ਹੈ ਕਿ ਜਿਸ ਸਨਾਤਨ ਧਰਮ ਦੀ ਰਾਖੀ ਦਾ ਦਾਅਵਾ ਕੀਤਾ ਜਾਂਦਾ ਹੈ, ਉਸ ਧਰਮ ਦੇ ਆਗੂ ਲੋਕ ਇਸ ਦੀ ਦੁਰਵਰਤੋਂ ਦਲਿਤਾਂ ਦੇ ਖਿਲਾਫ ਕਰਦੇ ਹਨ ਅਤੇ ਇਸ ਤਰ੍ਹਾਂ ਦੀ ਦੁਰਵਰਤੋਂ ਹੋਣ ਤੋਂ ਰੋਕਣ ਲਈ ਭਾਜਪਾ ਵਿਰੋਧੀ ਧਿਰ ਦਾਇਕਾ ਹੀ ਗਾਰੰਟੀ ਕਰ ਸਕਦਾ ਹੈ। ਇਸ ਵਿੱਚੋਂ ਇਹ ਗੱਲ ਵੀ ਚੱਲੀ ਕਿ ਉੱਤਰ ਪ੍ਰਦੇਸ਼ ਵਿੱਚ ਕਾਂਗਰਸ ਦੇ ਪ੍ਰਧਾਨ ਮਲਿਕਾਰਜੁਨ ਖੜਗੇ ਨੂੰ ਚੋਣ ਲੜਾਈ ਜਾਵੇ, ਜਿਹੜਾ ਸਵਰਨ ਜਾਤੀਆਂ ਵਿੱਚੋਂ ਨਹੀਂ ਅਤੇ ਉਸ ਦੇ ਨਾਂਅ ਉੱਤੇ ਦਲਿਤ ਭਾਈਚਾਰਾ ਇਸ ਗੱਠਜੋੜ ਦੇ ਹੱਕ ਵਿੱਚ ਤੁਰ ਪਵੇ ਤਾਂ ਸੱਤਾ ਤਬਦੀਲੀ ਦੇ ਚਾਂਸ ਵਧ ਸਕਦੇ ਹਨ।

ਭਾਜਪਾ ਦਾ ਪ੍ਰਚਾਰ ਤੰਤਰ ਇਹ ਸਮਝਦਾ ਹੈ ਕਿ ਕਰਨਾਟਕ ਵਿੱਚ ਬਜਰੰਗ ਬਲੀ ਦਾ ਮੁੱਦਾ ਜਦੋਂ ਉਭਾਰਿਆ ਸੀ ਤੇ ਖੁਦ ਪ੍ਰਧਾਨ ਮੰਤਰੀ ਨੇ ਇਹ ਮੁੱਦਾ ਉਭਾਰਨ ਦੀ ਅਗਵਾਈ ਕੀਤੀ ਤਾਂ ਇਹ ਮੁੱਦਾ ਕੰਮ ਨਹੀਂ ਸੀ ਆਇਆ, ਇਸ ਦੀ ਥਾਂ ਦੂਸਰੇ ਮੁੱਦਿਆਂ ਨੇ ਲੋਕਾਂ ਦਾ ਧਿਆਨ ਵੱਧ ਖਿੱਚਿਆ ਸੀ। ਇਸ ਲਈ ਉਹ ਇਸ ਵਾਰ ਸਨਾਤਨ ਧਰਮ ਦਾ ਮੁੱਦਾ ਉਠਾ ਕੇ ਇਸ ਨੂੰ ਚੈੱਕ ਕਰਨ ਤੱਕ ਸੀਮਤ ਹਨ, ਚੋਣ-ਮੁੱਦੇ ਵਜੋਂ ਪੇਸ਼ ਕਰਨ ਦਾ ਰਿਸਕ ਲੈਣਾ ਜਾਂ ਨਾ ਲੈਣਾ, ਏਦਾਂ ਦੀ ਕੋਈ ਗੱਲ ਹਾਲੇ ਸਿਰੇ ਨਹੀਂ ਲੱਗੀ। ਇੰਦਰਾ ਗਾਂਧੀ ਦੇ ਵਕਤ ਕਾਂਗਰਸ ਪਾਰਟੀ ਕਿਸੇ ਮੁੱਦੇ ਨੂੰ ਚੁੱਕਦੀ ਸੀ ਅਤੇ ਜੇ ਲੋਕਾਂ ਦਾ ਹੁੰਗਾਰਾ ਮਿਲੇ ਤਾਂ ਅੱਗੇ ਵਧਦੀ ਸੀ, ਵਰਨਾ ਪਿੱਛੇ ਹਟ ਜਾਂਦੀ ਹੁੰਦੀ ਸੀ। ਓਦੋਂ ਏਦਾਂ ਦੇ ਮੁੱਦੇ ਚੁੱਕਣ ਬਾਰੇ ਇੱਕ ਸ਼ਬਦ 'ਫੀਲਰ' ਵਰਤਿਆ ਜਾਂਦਾ ਸੀ ਕਿ ਲੋਕਾਂ ਦੀ ਨਬਜ਼ ਟੋਹਣ (ਫੀਲ) ਕਰਨ ਲਈ ਮੁੱਦਾ ਚੁੱਕਿਆ ਸੀ, ਉਸ ਦਾ ਕੁਝ ਉਲਟ ਜਿਹਾ ਪ੍ਰਭਾਵ 'ਫੀਲ' ਕੀਤਾ ਤਾਂ ਉਹ ਮੁੱਦਾ ਛੱਡ ਦਿੱਤਾ ਹੈ। ਅੱਜਕੱਲ੍ਹ ਨਰਿੰਦਰ ਮੋਦੀ ਦੀ ਟੀਮ ਓਦਾਂ ਦੇ 'ਫੀਲਰ' ਚੁੱਕਣ ਤੇ ਸੁੱਟਣ ਦੇ ਤਜਰਬੇ ਕਰਦੀ ਸਮਝੀ ਜਾਂਦੀ ਹੈ ਅਤੇ ਸਨਾਤਨ ਦਾ ਮੁੱਦਾ ਏਸੇ ਪਰਖ ਲਈ ਚੁੱਕਿਆ ਗਿਆ ਸੀ। ਜਿਹੜਾ ਪ੍ਰਭਾਵ ਮਹਿਸੂਸ ਕੀਤਾ ਗਿਆ ਹੈ, ਇਸ ਦੇ ਬਾਅਦ ਭਾਜਪਾ ਇਸ ਮੁੱਦੇ ਨੂੰ ਛੱਡਣ ਬਾਰੇ ਵੀ ਸੋਚ ਸਕਦੀ ਹੈ। ਇਸ ਦੀ ਥਾਂ ਭਾਜਪਾ ਇੱਕ ਹੋਰ ਵੱਡਾ ਮੁੱਦਾ ਚੁੱਕਣ ਦੀ ਤਿਆਰੀ ਵਿੱਚ ਹੈ ਤੇ ਉਹ ਮੁੱਦਾ ਨਵਾਂ ਵੀ ਨਹੀਂ, ਪਿਛਲੇ ਪੈਂਤੀ ਸਾਲਾਂ ਤੋਂ ਵਾਰ-ਵਾਰ ਸਾਹਮਣੇ ਆ ਚੁੱਕਾ ਰਾਮ-ਮੰਦਰ ਦਾ ਮੁੱਦਾ ਹੈ। ਕੁਝ ਲੋਕ ਕਹਿੰਦੇ ਹਨ ਕਿ ਸਰਕਾਰ ਚਲੰਤ ਸਾਲ ਮੁੱਕਣ ਤੋਂ ਪਹਿਲਾਂ ਦਸੰਬਰ ਵਿੱਚ ਲੋਕ ਸਭਾ ਅਤੇ ਕੁਝ ਰਾਜਾਂ ਦੀਆਂ ਚੋਣਾਂ ਇਕੱਠੀਆਂ ਕਰਵਾ ਸਕਦੀ ਹੈ ਤੇ ਇਸ ਲਈ ਤਿਆਰੀਆਂ ਹਨ। ਸਾਡੀ ਸਮਝ ਹੈ ਕਿ ਏਦਾਂ ਬਿਲਕੁਲ ਨਹੀਂ ਹੋਣਾ। ਭਾਜਪਾ ਲੀਡਰਸ਼ਿਪ ਅਗਲਾ ਸਾਲ ਚੜ੍ਹਦੇ ਸਾਰ ਰਾਮ ਮੰਦਰ ਆਮ ਲੋਕਾਂ ਵਾਸਤੇ ਖੋਲ੍ਹਣ ਅਤੇ ਫਿਰ ਓਥੇ ਲੋਕਾਂ ਦੇ ਜਾਣ ਲਈ ਮੁਫਤ ਯਾਤਰਾ ਦੀ ਸਹੂਲਤ ਦੇਣ ਵਰਗਾ ਫੈਸਲਾ ਕਰ ਸਕਦੀ ਹੈ ਤਾਂ ਕਿ ਲੋਕਾਂ ਨੂੰ ਧਾਰਮਿਕ ਪੱਖੋਂ ਜਜ਼ਬਾਤੀ ਕਰ ਕੇ ਲਾਹਾ ਲਿਆ ਜਾ ਸਕੇ। ਅਗਲੇ ਸਾਲ ਜਿਹੜੇ ਦੋ ਮੁੱਦਿਆਂ ਦੀ ਗੂੰਜ ਲੋਕ ਸਭਾ ਚੋਣਾਂ ਵਿੱਚ ਸੁਣਾਈ ਦੇਣ ਵਾਲੀ ਹੈ, ਉਨ੍ਹਾਂ ਵਿੱਚ ਦਲਿਤਾ ਮੁੱਦਾ ਵੱਧ ਚਰਚਿਤ ਹੋਵੇਗਾ ਜਾਂ ਰਾਮ ਮੰਦਰ ਦਾ ਮੁੱਦਾ ਵੱਧ ਧਿਆਨ ਖਿੱਚੇਗਾ, ਕਹਿ ਸਕਣਾ ਔਖਾ ਹੈ, ਪਰ ਇਹ ਦੋਵੇਂ ਮੁੱਦੇ ਉਸ ਚੋਣਲਈ ਅਗੇਤੇ ਤਿਆਰ ਹਨ। ਇਸ ਦਾ ਮਤਲਬ ਇਹ ਨਹੀਂ ਕਿ ਹੋਰ ਕੋਈ ਮੁੱਦਾ ਨਹੀਂ, ਕੱਛ ਵਿੱਚੋਂ ਮੂੰਗਲੀ ਕੱਢ ਮਾਰਨ ਦੀ ਕਹਾਵਤ ਵਾਂਗ ਅਚਾਨਕ ਕੋਈ ਏਦਾਂ ਦਾ ਮੁੱਦਾ ਵੀ ਕੱਢਿਆ ਜਾ ਸਕਦਾ ਹੈ, ਜਿਹੜਾ ਕਦੀ ਕਿਸੇ ਨੇ ਸੋਚਿਆ ਨਾ ਹੋਵੇ।


URGENTLY NEED NEW LISTINGS IN BRAMPTON/CALEDON

visit: www.teamjagaujla.com



ADVERTISEMENT GUARANTEED TILL SOLD

JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com


MCNE

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED/SOLD IN YOUR NEIGHBOURHOOD

**SHELBURNE** (Simon St /Hwy 89)




ਬਿਲਕੁਲ ਸ਼ਾਨਦਾਰ ਤੇ ਸਾਫ ਸੁਧਰਾ ਸੈਮੀ ਡਿਟੈਚ ਬੰਗਲੌ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

**CAMBRIDGE** (Speedsville/Equestrian Way)



ਐਂਡ ਯੂਨਿਟ ਕਾਨ੍ਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀ-ਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।

**BRAMPTON** (Mclaughlin / Steeles / Mavis)



ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।

**BRAMPTON** (Wanless/Mclaughlin)



ਸ਼ਾਨਦਾਰ ਤੇ ਸਾਫ ਸੁਧਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੈਟ ਐਂਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232 **Based on units sold & commissions **Some conditions apply
*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.

Call: JAG AUJLA Dir: 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT



Dr. Randhawa Dentistry



*Your own dentist who really cares for you*

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist

New Patients welcome
Deal Directly with all Insurance Companies


- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!



NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044






Grand Upholstery Ltd
Sofa Company Originality in Every Piece

Special on Sale

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ



ਕੁਆਲਿਟੀ ਮੂਹੋਂ ਬੋਲਦੀ ਹੈ

Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com



REXDALE BODY SHOP USED CAR SALE



CHEEMA
LOWEST PRICE IN TOWN

Specialization In:
- All Kinds of Body Work
- Auto Glass Windshield
- Denting, Painting & Welding

SPECIAL PAINT JOB $779

RENTAL CAR PROVIDED



25 years of Canadian Experience
OPEN MON - SAT 9AM TO 7PM

ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ

Call Rick or Manminder Cheema: 416.749.9596 /416.951.6431

Towing Service Car Paint Starts $799*upto 100% Deductible Paid*

30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com


LOCAL & LONG DISTANCE MOVING
H.K. MOVERS
VANCOUVER - CALGARY - EDMONTON - WINNIPEG - TORONTO - OTTAWA - MONTREAL
CANADA'S MOVING COMPANY
WELCOME TO ALBERTA
H.K. MOVERS
LOCAL & LONG DISTANCE
416-524-6704
WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS
Best Business of 2023
ThreeBest Rated
Excellence
Call: 416.524.6704
www.hkmovers.ca
2023
ThreeBest Rated
Certificate OF EXCELLENCE
THREE BEST RATED
SAFE, RELIABLE AND EFFICIENT SERVICE AT THE BEST RATES


afc
ORDER ONLINE TODAY !!!
WWW.ASIANFOODCENTRE.COM
FREE PICK UP!!!
HOME DELIVERY ALSO AVAILABLE !!!
ASIAN FOOD CENTRE
VEGETARIAN FOOD
HEALTHY EATING
FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas
SERVING FROM ALL LOCATIONS IN GTA AREA:
10 Westmore Drive
Etobicoke ON M9V-3Z7
416-740-3262
21 Lacoste Blvd,
Brampton, ON L6P 2K2
905 794-8109
621 Wanless drive, # 122
Brampton ON L7A 0A9
905-495-3336
1075 Ceremonial Drive
Mississauga ON L5R 2Z4
905-502-1600
80 Pertosa Drive
Brampton ON L5X-5E9
905-460-0009
10510 Torbram Road,
Brampton
905-790-0030
2120 North park Drive
Brampton ON L6S 0C9
905-793-1338
10 Pannahill Dr,
Brampton
905 913-8017